


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਵੀਰਵਾਰ, 30 ਜਨਵਰੀ 2025
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 227, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111





## ਭਾਰਤ ਤੋਂ ਆਏ ਧਾਗੇ ਦੀ ਖੇਪ ਵਿੱਚ ਨੀਂਦ ਦੀਆਂ ਕਰੀਬ 70,000 ਗੋਲੀਆਂ ਮਿਲੀਆਂ



ਵਾਸ਼ਿੰਗਟਨ, ਲੋਕ ਬਾਣੀ- ਅਮਰੀਕਾ ਦੇ ਕਸਟਮ ਅਤੇ ਸੀਮਾ ਸੁਰੱਖਿਆ ਵਿਭਾਗ (ਸੀਬੀਪੀ) ਨੇ ਭਾਰਤ ਤੋਂ ਆਈ ਧਾਗੇ ਦੀ ਇਕ ਖੇਪ ਵਿੱਚੋਂ ਲੱਗਭੱਗ 70,000 ਨੀਂਦ ਦੀਆਂ ਗੋਲੀਆਂ ਜ਼ਬਤ ਕੀਤੀਆਂ ਹਨ। ਇਨ੍ਹਾਂ ਗੋਲੀਆਂ ਦੀ ਕੀਮਤ 33,000 ਅਮਰੀਕੀ ਡਾਲਰ ਦੇ ਕਰੀਬ ਹੈ।ਸੀਬੀਪੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਖੇਪ ਕੈਲਿਫੋਰਨੀਆ ਦੇ ਬਿਊਨਾ ਪਾਰਕ ਸਥਿਤ ਇਕ ਪਤੇ 'ਤੇ ਭੇਜੀ ਜਾ ਰਹੀ ਸੀ। ਜ਼ੋਲਪੀਡੇਮ ਟਾਰਟਰੇਟ ਨਾਮਕ ਇਨ੍ਹਾਂ ਗੋਲੀਆਂ ਨੂੰ ਡਰੱਗ ਇਨਫੋਰਸਮੈਂਟ ਐਡਮਿਨਿਸਟ੍ਰੇਸ਼ਨ ਵੱਲੋਂ ਇੱਕ ਅਨੁਸੂਚੀ 9੦ ਨਿਯੰਤਰਿਤ ਪਦਾਰਥ ਵਜੋਂ ਸੂਚੀਬੱਧ ਕੀਤਾ ਗਿਆ ਹੈ ਅਤੇ ਇਹ ਸੈਡੇਟਿਵ-ਹਿਪਨੋਟਿਕਸ ਨਾਮਕ ਦਵਾਈਆਂ ਦੀ ਸ਼੍ਰੇਣੀ ਨਾਲ ਸਬੰਧਤ ਹਨ

## ਚੀਨ ਦੀ DeepSeek AI ਉਤੇ ਉਈਗਰ ਸੈਂਸਰਸ਼ਿਪ ਤੇ ਸਰਕਾਰੀ ਪ੍ਰਚਾਰ ਸਬੰਧੀ ਉਠੇ ਸਵਾਲ




ਪੇਈਚਿੰਗ, ਲੋਕ ਬਾਣੀ- ਚੀਨ ਦੇ ਨਵੇਂ ਵਿਕਸਤ 19 ਪਲੇਟਫਾਰਮ DeepSeek ਦੀ ਸਰਕਾਰੀ ਪ੍ਰਚਾਰ ਫੈਲਾਉਣ, ਸੰਵੇਦਨਸ਼ੀਲ ਵਿਸ਼ਿਆਂ ਨੂੰ ਸੈਂਸਰ ਕਰਨ ਅਤੇ ਨਿੱਜੀ ਡੇਟਾ ਇਕੱਤਰ ਕਰਨ ਸਬੰਧੀ ਭੂਮਿਕਾ ਬਾਰੇ ਚਿੰਤਾਵਾਂ ਪੈਦਾ ਹੋਣ ਤੋਂ ਬਾਅਦ ਮਨੁੱਖੀ ਅਧਿਕਾਰ ਕਾਰਕੁਨਾਂ ਅਤੇ ਕੌਮਾਂਤਰੀ ਮਾਹਿਰਾਂ ਨੇ ਇਸ ਦੀ ਸਖ਼ਤ ਆਲੋਚਨਾ ਕੀਤੀ ਹੈ। ਉਈਗਰ ਮੁਹਿੰਮ ਅਨੁਸਾਰ ਇਸ ਨੂੰ ਭਾਵੇਂ ਇੱਕ ਤਕਨੀਕੀ ਪੁਲਾਂਘ ਵਜੋਂ ਪ੍ਰਚਾਰਿਆ ਜਾ ਰਿਹਾ ਹੈ, ਪਰ ਇਸ ਦੇ ਬਾਵਜੂਦ ਇਹ ਪਲੈਟਫਾਰਮ ਅਹਿਮ ਇਖ਼ਲਾਕੀ ਅਤੇ ਸੁਰੱਖਿਆ ਮੁੱਦਿਆਂ ਲਈ ਆਲੋਚਨਾ ਦੇ ਘੇਰੇ ਵਿੱਚ ਆਇਆ ਹੈ।

## ਰੋਸ ਪ੍ਰਦਰਸ਼ਨਾਂ 'ਚ ਸ਼ਾਮਲ ਡਾਕਟਰਾਂ ਦੀ ਡਿਊਟੀ ਤੋਂ ਅਣਅਧਿਕਾਰਤ ਗੈਰਹਾਜ਼ਰੀ ਨਿਯਮਤ ਕਰਨ ਹਸਪਤਾਲ



ਨਵੀਂ ਦਿੱਲੀ ਲੋਕ ਬਾਣੀ- -ਸੁਪਰੀਮ ਕੋਰਟ ਨੇ ਅੱਜ ਏਮਸ ਨਵੀਂ ਦਿੱਲੀ ਸਣੇ ਸਾਰੇ ਹਸਪਤਾਲਾਂ ਨੂੰ ਹਦਾਇਤ ਕੀਤੀ ਕਿ ਉਹ ਆਰਜੀ ਕਰ ਹਸਪਤਾਲ ਕੋਲਕਾਤਾ ਵਿਚ ਮਹਿਲਾ ਟਰੇਨੀ ਡਾਕਟਰ ਨਾਲ ਜਬਰ-ਜਨਾਹ ਤੇ ਕਤਲ ਖਿਲਾਫ਼ ਦੇਸ਼ ਭਰ ਵਿਚ ਹੋਏ ਰੋਸ ਪ੍ਰਦਰਸ਼ਨਾਂ ਵਿਚ ਸ਼ਾਮਲ ਡਾਕਟਰਾਂ ਦੀ ਅਣਅਧਿਕਾਰਤ ਗੈਰਹਾਜ਼ਰੀ ਨੂੰ ਨਿਯਮਤ ਕਰੇ। ਚੀਫ਼ ਜਸਟਿਸ ਸੰਜੀਵ ਖੰਨਾ ਤੇ ਜਸਟਿਸ ਸੰਜੈ ਕੁਮਾਰ ਦੇ ਬੈਂਚ ਨੇ ਕਿਹਾ, "ਜੇ ਪ੍ਰਦਰਸ਼ਨਕਾਰੀ ਵਰਕਰ (ਡਾਕਟਰ) ਸੁਪਰੀਮ ਕੋਰਟ ਦੇ ਹੁਕਮਾਂ ਮਗਰੋਂ ਕੰਮਾਂ 'ਤੇ ਪਰਤ ਆਏ ਸਨ ਤਾਂ ਉਨ੍ਹਾਂ ਦੀ ਗੈਰਮੌਜੂਦਗੀ ਨੂੰ ਨਿਯਮਤ ਕਰਨਾ ਬਣਦਾ ਹੈ

ਮੀਡੀਆ ਕਲੱਬ ਦੇ ਚੇਅਰਮੈਨ ਅਤੇ ਲੋਕ ਬਾਣੀ ਦੇ ਮੁੱਖ ਸੰਪਾਦਕ ਅਮਨ ਮਹਿਰਾ ਦੇ ਪਿਤਾ ਸ਼੍ਰੀ ਦਰਸ਼ਨ ਲਾਲ ਮਹਿਰਾ ਆਪਣੀ ਸੰਸਾਰਕ ਯਾਤਰਾ ਪੂਰੀ ਕਰ ਗਏ ਹਨ, ਉਨ੍ਹਾਂ ਦਾ ਅੰਤਿਮ ਸੰਸਕਾਰ 29 ਜਨਵਰੀ 2025 ਨੂੰ ਦੁਪਹਿਰ 1 ਵਜੇ ਕਿਸ਼ਨ ਪੁਰਾ ਸ਼ਮਸ਼ਾਨਘਾਟ ਵਿੱਚ ਹੋਵੇਗਾ।

## ਝਗੜੇ ਦਾ ਨੋਟਿਸ ਦੇਣ ਗਏ ਸਬ-ਇੰਸਪੈਕਟਰ 'ਤੇ ਹਮਲਾ; ਦੋ ਗ੍ਰਿਫ਼ਤਾਰ



ਜਲੰਧਰ, ਲੋਕ ਬਾਣੀ- ਇੱਥੋਂ ਦੇ ਲਾਠੀਮਾਰ ਇਲਾਕੇ 'ਚ ਦੋ ਵਿਅਕਤੀਆਂ ਨੇ ਕਮਿਸ਼ਨਰੇਟ ਪੁਲੀਸ ਟੀਮ 'ਤੇ ਹਮਲਾ ਕਰ ਦਿੱਤਾ, ਜੋ ਪਤੀ-ਪਤਨੀ ਵਿਚਾਲੇ ਝਗੜੇ ਤੋਂ ਬਾਅਦ ਨੋਟਿਸ ਦੇਣ ਗਿਆ ਹੈ। ਹਮਲੇ ਤੋਂ ਬਾਅਦ ਮੁਲਜ਼ਮਾਂ ਨੇ ਸਬ-ਇੰਸਪੈਕਟਰ ਬਲਜੀਤ ਸਿੰਘ ਅਤੇ ਉਸ ਦੇ ਨਾਲ ਆਏ ਮੁਲਾਜ਼ਮ ਦੀ ਵਰਦੀ ਵੀ ਪਾੜ ਦਿੱਤੀ। ਹਮਲਾਵਰਾਂ ਥਾਣਾ ਡਿਵੀਜ਼ਨ ਨੰਬਰ-8 ਅਧੀਨ ਪੈਂਦੇ ਲਾਠੀਮਾਰ ਮੁਹੱਲਾ ਦੇ ਰਹਿਣ ਵਾਲੇ ਰਮੇਸ਼ ਕੁਮਾਰ ਅਤੇ ਬਲਜਿੰਦਰ ਕੁਮਾਰ ਉਰਫ਼ ਬਿੰਦਾ ਸਿੰਘ ਵਾਸੀ ਪਿੰਡ ਢੰਡਾ, ਪਤਾਰਾ ਨੂੰ ਪੁਲੀਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਥਾਣਾ ਡਿਵੀਜ਼ਨ ਨੰਬਰ 8 ਦੇ ਐਸਐਚਓ ਗੁਰਮੁੱਖ ਸਿੰਘ ਨੇ ਦੱਸਿਆ ਕਿ ਪੁਲੀਸ ਸੋਮਵਾਰ ਨੂੰ ਪਤੀ-ਪਤਨੀ ਦੇ ਝਗੜੇ ਸਬੰਧੀ ਸੂਚਨਾ ਦੇਣ ਲਈ ਲਾਠੀਮਾਰ ਇਲਾਕੇ ਵਿੱਚ ਗਈ ਸੀ।

## ਮੌਨੀ ਅਮਾਵੱਸਿਆ ਮੌਕੇ ਤੜਕੇ ਮਚੀ ਭਗਦੜ 'ਚ 30 ਮੌਤਾਂ, 60 ਜ਼ਖ਼ਮੀ



ਪ੍ਰਯਾਗਰਾਜ ਲੋਕ ਬਾਣੀ- ਮਹਾਂਕੁੰਭ ਮੇਲੇ ਵਿਚ ਬੁੱਧਵਾਰ ਤੜਕੇ ਮਚੀ ਭਗਦੜ ਵਿਚ ਘੱਟੋ-ਘੱਟ 30 ਵਿਅਕਤੀਆਂ ਦੀ ਮੌਤ ਹੋ ਗਈ ਹੈ ਤੇ 60 ਜ਼ਖ਼ਮੀ ਦੱਸੇ ਜਾਂਦੇ ਹਨ। ਕਾਬਿਲੇਗੌਰ ਹੈ ਕਿ ਅੱਜ ਮੌਨੀ ਅਮਾਵੱਸਿਆ (ਅਮਾਵਸ) ਕਰਕੇ ਤ੍ਰਿਵੇਣੀ ਦੇ ਸੰਗਮ 'ਤੇ ਡੁਬਕੀ ਲਾਉਣ ਲਈ ਬਹੁਗਿਣਤੀ ਲੋਕ, ਜਿਨ੍ਹਾਂ ਦਾ ਅੰਕੜਾ ਕਰੋੜਾਂ ਵਿਚ ਦੱਸਿਆ ਜਾਂਦਾ ਹੈ, ਸੰਗਮ ਦੇ ਘਾਟ 'ਤੇ ਮੌਜੂਦ ਸਨ।ਮੌਨੀ ਅਮਾਵੰਸਿਆ ਨੂੰ ਕੁੰਭ ਮੇਲੇ ਦੇ ਸਭ ਤੋਂ ਪਵਿੱਤਰ ਦਿਨਾਂ 'ਚੋਂ ਇਕ ਗਿਣਿਆ ਜਾਂਦਾ ਹੈ। ਡੀਆਈਜੀ ਵੈਭਵ ਕ੍ਰਿਸ਼ਨਾ ਨੇ ਸ਼ਾਮ ਸਮੇਂ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਤੜਕੇ ਮਚੀ ਭਗਦੜ ਕਰਕੇ 30 ਜਣਿਆਂ ਦੀ ਮੌਤ ਹੋ ਗਈ ਤੇ 60 ਹੋਰ ਜ਼ਖ਼ਮੀ ਹਨ।

## ਅੰਬੇਡਕਰ ਦਾ ਬੁੱਤ ਤੋੜਨ ਖ਼ਿਲਾਫ਼ ਮੁਜ਼ਾਹਰੇ



ਸੰਗਰੂਰ ਲੋਕ ਬਾਣੀ--ਇਥੇ ਬਹੁਜਨ ਸਮਾਜ ਪਾਰਟੀ ਨੇ ਸੰਗਰੂਰ 'ਚ ਰੋਸ ਮੁਜ਼ਾਹਰਾ ਕਰਕੇ ਗਣਤੰਤਰ ਦਿਵਸ ਮੌਕੇ ਸ੍ਰੀ ਅੰਮ੍ਰਿਤਸਰ ਵਿੱਚ ਸਥਾਪਿਤ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕਰਨ ਵਿਰੁੱਧ ਰੋਸ ਜ਼ਾਹਰ ਕਰਦਿਆਂ ਮੁਲਜ਼ਮਾਂ 'ਤੇ ਐੱਨਐੱਸਏ ਲਗਾਏ ਜਾਣ ਦੀ ਮੰਗ ਕੀਤੀ। ਰੋਸ ਪ੍ਰਦਰਸ਼ਨ ਮੌਕੇ ਲੇਬਰ ਚੌਕ ਸੰਗਰੂਰ ਵਿੱਚ ਜਨਤਕ ਇਕੱਠ ਦੌਰਾਨ ਬੋਲਦਿਆਂ ਬਸਪਾ ਦੇ ਸੂਬਾ ਇੰਚਾਰਜ ਕੁਲਦੀਪ ਸਿੰਘ ਸਰਦੂਲਗੜ ਸੂਬਾ ਜਨਰਲ ਸਕੱਤਰ ਚਮਕੌਰ ਸਿੰਘ ਵੀਰ, ਲੋਕ ਸਭਾ ਇੰਚਾਰਜ ਡਾ. ਮੱਖਣ ਸਿੰਘ ਅਤੇ ਲੈਕਚਰਾਰ ਅਮਰਜੀਤ ਸਿੰਘ ਜਲੂਰ ਨੇ ਕਿਹਾ ਕਿ ਇਸ ਘਟਨਾਕ੍ਰਮ ਨੇ ਬਾਬਾ ਸਾਹਿਬ ਦੀ ਵਿਚਾਰਧਾਰਾ ਨਾਲ ਜੁੜੇ ਅਨੇਕਾ ਲੋਕਾਂ ਦੇ ਮਨਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ।

## ਚੋਰੀ ਦੇ ਵਾਹਨਾਂ ਦਾ ਸਕਰੈਪ ਵੇਚਣ ਵਾਲੇ ਗਰੋਹ ਦਾ ਪਰਦਾਫਾਸ਼




ਘੱਗਾ , ਲੋਕ ਬਾਣੀ - ਥਾਣਾ ਘੱਗਾ ਦੀ ਪੁਲੀਸ ਨੇ ਇੱਕ ਮੋਟਰਸਾਈਕਲ ਚੋਰ ਗਰੋਹ ਨੂੰ ਕਾਬੂ ਕਰਕੇ ਚੋਰੀ ਦਾ ਮੋਟਰਸਾਈਕਲ ਅਤੇ ਮੋਟਰਸਾਈਕਲਾਂ ਨੂੰ ਕੱਟ ਕੇ ਥੈਲਿਆਂ ਵਿੱਚ ਪਾਇਆ ਹੋਇਆ ਸਾਮਾਨ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਇਸ ਮਾਮਲੇ ਵਿੱਚ ਪੁਲੀਸ ਨੇ 7 ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਘੱਗਾ ਦੇ ਐੱਸਐੱਚਓ ਬਲਜੀਤ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਖੇਮ ਚੰਦ ਨੂੰ ਇਤਲਾਹ ਮਿਲੀ ਸੀ ਕਿ ਗੁਰਪਿਆਰ ਸਿੰਘ ਵਾਸੀ ਪਿੰਡ ਦੇਧਨਾ ਅਤੇ ਇਸ ਦੇ ਹੋਰ ਸਾਥੀ ਮੋਟਰਸਾਈਕਲ ਚੋਰੀ ਕਰਕੇ ਉਨ੍ਹਾਂ ਨੂੰ ਤੋੜ ਕੇ ਉਸ ਦਾ ਸਪੇਅਰ ਪਾਰਟਸ ਵੇਚਦੇ ਹਨ

## ਐੱਸਐੱਸਪੀ ਦੀ ਫ਼ਰਜ਼ੀ ਫੇਸਬੁੱਕ ਆਈਡੀ ਬਣਾ ਕੇ ਪੈਸੇ ਮੰਗਣ ਵਾਲਾ ਕਾਬੂ



ਚੰਡੀਗੜ੍ਹ, ਲੋਕ ਬਾਣੀ- ਚੰਡੀਗੜ੍ਹ ਪੁਲੀਸ ਦੇ ਥਾਣਾ ਸਾਈਬਰ ਸੈੱਲ ਦੀ ਟੀਮ ਨੇ ਚੰਡੀਗੜ੍ਹ ਦੀ ਐੱਸਐੱਸਪੀ 'ਕੰਵਰਦੀਪ ਕੌਰ' ਦੇ ਨਾਮ 'ਤੇ ਫ਼ਰਜ਼ੀ ਫੇਸਬੁੱਕ ਆਈਡੀ ਬਣਾ ਕੇ ਲੋਕਾਂ ਤੋਂ ਪੈਸੇ ਮੰਗਣ ਦੇ ਮਾਮਲੇ ਵਿੱਚ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਦੀ ਪਛਾਣ ਰਵੀ ਕੁਮਾਰ ਵਾਸੀ ਪ੍ਰਤਾਪਗੜ੍ਹ, ਉੱਤਰ ਪ੍ਰਦੇਸ਼ ਵਜੋਂ ਹੋਈ ਹੈ। ਥਾਣਾ ਸਾਈਬਰ ਕ੍ਰਾਈਮ ਦੀ ਪੁਲੀਸ ਨੇ ਇਹ ਕਾਰਵਾਈ ਕਾਂਸਟੇਬਲ ਪ੍ਰਦੀਪ ਕੁਮਾਰ ਦੀ ਸ਼ਿਕਾਇਤ 'ਤੇ ਕੀਤੀ ਹੈ। ਕਾਂਸਟੇਬਲ ਪ੍ਰਦੀਪ ਕੁਮਾਰ ਨੇ ਕਿਹਾ ਕਿ ਉਸ ਨੇ 28 ਦਸੰਬਰ 2024 ਨੂੰ ਚੰਡੀਗੜ੍ਹ ਦੀ ਐੱਸਐੱਸਪੀ 'ਕੰਵਰਦੀਪ ਕੌਰ' ਦੇ ਨਾਮ ਦੀ ਆਈਡੀ ਦਿਖਾਈ ਦਿੱਤੀ ਸੀ। ਉਹ ਵਿਅਕਤੀ ਬੱਚਿਆਂ ਦੀ ਮਦਦ ਵਾਸਤੇ ਫੇਸਬੁੱਕ ਰਾਹੀਂ ਲੋਕਾਂ ਤੋਂ ਪੈਸੇ ਮੰਗ ਰਿਹਾ ਸੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਅਮਰੀਕਾ ਚ 1 ਲੱਖ ਭਾਰਤੀਆਂ ਦੀਆਂ ਨੌਕਰੀਆਂ ਨੂੰ ਖ਼ਤਰਾ, ਰਾਸ਼ਟਰਪਤੀ ਟਰੰਪ ਨੇ 459 ਪ੍ਰੋਗਰਾਮ ਤੇ ਲਗਾਈ ਪਾਬੰਦੀ



(ਲੋਕ ਬਾਣੀ) ਅਮਰੀਕਾ ਵਿੱਚ, ਰਾਸ਼ਟਰਪਤੀ ਡੋਨਾਲਡ ਟਰੰਪ ਨੇ 459 (ਵਿਭਿੰਨਤਾ, ਇਕੁਇਟੀ ਅਤੇ ਸਮਾਵੇਸ਼) ਪ੍ਰੋਗਰਾਮ ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਪ੍ਰੋਗਰਾਮ ਨੇ ਰੁਜ਼ਗਾਰ ਵਿੱਚ ਕਿਸੇ ਵੀ ਤਰ੍ਹਾਂ ਦੇ ਵਿਤਕਰੇ ਨੂੰ ਰੋਕਿਆ।ਇਸ ਕਾਰਨ ਇੱਕ ਲੱਖ ਭਾਰਤੀਆਂ ਦੀਆਂ ਨੌਕਰੀਆਂ ਖਤਰੇ ਵਿੱਚ ਹਨ। ਅਮਰੀਕਾ ਵਿੱਚ ਕੁੱਲ 32 ਲੱਖ ਸੰਘੀ (ਕੇਂਦਰੀ) ਕਰਮਚਾਰੀ ਹਨ। ਇਨ੍ਹਾਂ ਵਿੱਚੋਂ 8 ਲੱਖ ਕਰਮਚਾਰੀ ਡੀਈਆਈ ਪ੍ਰੋਗਰਾਮ ਤਹਿਤ ਕੰਮ ਕਰਦੇ ਹਨ। ਇਨ੍ਹਾਂ ਵਿੱਚੋਂ ਇੱਕ ਲੱਖ ਦੇ ਕਰੀਬ ਭਾਰਤੀ ਹਨ। ਇਸ ਵਿੱਚ ਅਮਰੀਕੀ ਨਾਗਰਿਕਤਾ ਰੱਖਣ ਵਾਲੇ ਅਤੇ ਵਰਕ ਵੀਜ਼ਾ ਜਿਵੇਂ ਕਿ 8-12 ਵੀਜ਼ਾ ਤੇ ਕੰਮ ਕਰਨ ਵਾਲੇ ਸ਼ਾਮਲ ਹਨ।

ਟਰੰਪ 459 ਨੂੰ ਖਤਮ ਕਰਨਾ ਅਤੇ ਗੋਰੇ ਲੋਕਾਂ ਲਈ ਸਰਕਾਰੀ ਅਤੇ ਨਿੱਜੀ ਖੇਤਰ ਦੀਆਂ ਨੌਕਰੀਆਂ ਵਿੱਚ ਹੋਰ ਮੌਕੇ ਵਧਾਉਣਾ ਚਾਹੁੰਦੇ ਹਨ। ਅਮਰੀਕਾ ਦੀ 35 ਕਰੋੜ ਦੀ ਆਬਾਦੀ ਵਿਚੋਂ 20 ਕਰੋੜ ਗੋਰੇ ਹਨ। ਇਨ੍ਹਾਂ ਚੋਂ ਜ਼ਿਆਦਾਤਰ ਨੂੰ ਟਰੰਪ ਦਾ ਕੋਰ ਵੋਟ ਬੈਂਕ ਮੰਨਿਆ ਜਾਂਦਾ ਹੈ। ਟਰੰਪ ਨੇ ਚੋਣ ਪ੍ਰਚਾਰ ਦੌਰਾਨ ਡੀਆਈਈ ਨੂੰ ਰੋਕਣ ਦਾ ਵਾਅਦਾ ਕੀਤਾ ਸੀ। ਅਮਰੀਕੀ ਸਰਕਾਰ ਨੇ 459 ਚ ਭਰਤੀ ਤੇ ਰੋਕ ਲਗਾ ਦਿੱਤੀ ਹੈ ਅਤੇ ਆਪਣੇ ਕਰਮਚਾਰੀਆਂ ਨੂੰ 31 ਜਨਵਰੀ ਤੱਕ ਤਨਖਾਹ ਵਾਲੀ ਛੁੱਟੀ ਤੇ ਭੇਜ ਦਿੱਤਾ ਹੈ। ਰਾਜਾਂ ਵਿੱਚ ਡੀਈਆਈ ਦਫ਼ਤਰਾਂ ਨੂੰ ਵੀ ਬੰਦ ਕਰਨ ਦੇ ਆਦੇਸ਼ ਦਿੱਤੇ ਗਏ ਹਨ। 1 ਫਰਵਰੀ ਨੂੰ ਇਸ ਨਾਲ ਜੁੜੇ ਮੁਲਾਜ਼ਮਾਂ ਦੇ ਭਵਿੱਖ ਬਾਰੇ ਫੈਸਲਾ ਲਿਆ ਜਾਵੇਗਾ। ਸਾਰੇ ਸੰਘੀ ਦਫ਼ਤਰਾਂ ਤੋਂ ਇਸ ਪ੍ਰੋਗਰਾਮ ਸਬੰਧੀ ਰਿਪੋਰਟ ਵੀ ਮੰਗੀ ਗਈ ਹੈ।

ਦੱਸ ਦੇਈਏ ਕਿ ਇਹ ਪ੍ਰੋਗਰਾਮ 1960 ਵਿੱਚ ਰੁਜ਼ਗਾਰ, ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਸਾਰੇ ਵਰਗਾਂ ਨੂੰ ਬਰਾਬਰ ਮੌਕੇ ਪ੍ਰਦਾਨ ਕਰਨ ਲਈ ਸ਼ੁਰੂ ਕੀਤਾ ਗਿਆ ਸੀ। ਇਹ ਉਦੋਂ ਦੇ ਰਾਸ਼ਟਰਪਤੀ ਜੌਨ ਐੱਫ. ਕੈਨੇਡੀ ਅਤੇ ਮਾਰਟਿਨ ਲੂਥਰ ਕਿੰਗ ਜੂਨੀਅਰ ਦੇ ਆਦਰਸ਼ਾਂ ਤੋਂ ਪ੍ਰੇਰਿਤ ਹੈ।

# ਪੰਜਾਬ ਪੁਲਿਸ ਨੇ ਕੌਸ਼ਲ ਚੌਧਰੀ ਗੈਂਗ ਦੇ ਛੇ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਮਿੱਥ ਕੇ ਕਤਲ ਦੀਆਂ ਸੰਭਾਵੀ ਵਾਰਦਾਤਾਂ ਨੂੰ ਕੀਤਾ ਨਾਕਾਮ; ਛੇ ਪਿਸਤੌਲ ਬਰਾਮਦ

ਚੰਡੀਗੜ੍ਹ/ਅੰਮ੍ਰਿਤਸਰ, (ਲੋਕ ਬਾਣੀ) :ਸੰਗਠਿਤ ਅਪਰਾਧ ਨੂੰ ਵੱਡਾ ਝਟਕਾ ਦਿੰਦਿਆਂ, ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਕੌਸ਼ਲ ਚੌਧਰੀ ਗੈਂਗ ਦੇ ਛੇ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਸੂਬੇ ਵਿੱਚ ਮਿੱਥ ਕੇ ਕਤਲ ਦੀਆਂ ਸੰਭਾਵਿਤ ਵਾਰਦਾਤਾਂ ਨੂੰ ਨਾਕਾਮ ਕਰ ਦਿੱਤਾ ਹੈ। ਦੱਸਣਯੋਗ ਹੈ ਕਿ ਇਹਨਾਂ ਵਿੱਚ ਦੋ ਮੁੱਖ ਸ਼ੂਟਰ ਪੁਨੀਤ ਲਖਨਪਾਲ ਅਤੇ ਨਰਿੰਦਰ ਕੁਮਾਰ ਉਰਫ਼ ਲਾਲੀ ਵੀ ਸ਼ਾਮਲ ਹਨ ਜੋ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ ਅਤੇ ਸੁਖਮੀਤ ਸਿੰਘ ਉਰਫ਼ ਡਿਪਟੀ ਦੇ ਕਤਲ ਵਿੱਚ ਸ਼ਾਮਲ ਸਨ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਹੋਰ ਚਾਰ ਮੈਂਬਰਾਂ ਦੀ ਪਛਾਣ ਹਰਪ੍ਰੀਤ ਸਿੰਘ ਉਰਫ਼ ਹੈਪਲ ਵਾਸੀ ਗੁਰੂ ਹਰਿ ਸਹਾਏ ਫਿਰੋਜ਼ਪੁਰ, ਗੁਰਬਿੰਦਰ ਸਿੰਘ ਵਾਸੀ ਚਾਟੀਵਿੰਡ ਲਹਿਲ, ਅੰਮ੍ਰਿਤਸਰ, ਸੰਦੀਪ ਸਿੰਘ ਵਾਸੀ ਪਿੰਡ ਰਾਜਧਾਨ, ਅੰਮ੍ਰਿਤਸਰ ਅਤੇ ਮਨਿੰਦਰਜੀਤ ਸਿੰਘ ਉਰਫ਼ ਸ਼ਿੰਦਾ ਵਾਸੀ ਪਿੰਡ ਬੱਦੋਵਾਲ ਝਾਂਡੇ, ਲੁਧਿਆਣਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ ਚੋਂ .30 ਬੋਰ ਦੇ 6 ਵਿਦੇਸ਼ੀ ਪਿਸਤੌਲਾਂ ਸਮੇਤ 40 ਕਾਰਤੂਸ ਵੀ ਬਰਾਮਦ ਕੀਤੇ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਹ ਗੈਂਗ ਸਤੰਬਰ 2024 ਵਿੱਚ ਰਾਜਸਥਾਨ ਦੇ ਹਾਈਵੇਅ ਕਿੰਗ ਹੋਟਲ ਵਿੱਚ ਅੰਨ੍ਹੇਵਾਹ ਗੋਲੀਬਾਰੀ ਕਰਨ ਅਤੇ 5 ਕਰੋੜ ਰੁਪਏ ਦੀ ਫਿਰੌਤੀ ਮੰਗਣ ਵਿੱਚ ਵੀ ਸ਼ਾਮਲ ਸੀ। ਗ੍ਰਿਫ਼ਤਾਰ ਕੀਤੇ ਗਏ ਸਾਰੇ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਉਹ ਪਿਛਲੇ ਤਿੰਨ ਸਾਲ ਤੋਂ ਗ੍ਰਿਫ਼ਤਾਰੀਆਂ ਤੋਂ ਬਚ ਰਹੇ ਸਨ।




ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਫੜੇ ਗਏ ਵਿਅਕਤੀ ਕੌਸ਼ਲ ਚੌਧਰੀ ਗੈਂਗ ਦੇ ਸੰਗਠਿਤ ਅਪਰਾਧਿਕ ਨੈੱਟਵਰਕ ਜੋ ਕਿ ਹਰਿਆਣਾ, ਰਾਜਸਥਾਨ, ਪੰਜਾਬ ਆਦਿ ਵਿੱਚ ਸਰਗਰਮ ਹੈ, ਦੇ ਪੇਸ਼ੇਵਰ ਸ਼ੂਟਰ ਹਨ ਅਤੇ ਉਹ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਤੇ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦਿੰਦੇ ਸਨ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਡੀਜੀਪੀ ਨੇ ਦੱਸਿਆ ਕਿ ਐਤਵਾਰ ਨੂੰ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਦੀ ਟੀਮ ਨੂੰ ਭਰੋਸੇਯੋਗ ਸੂਹ ਮਿਲੀ ਸੀ ਕਿ ਕੌਸ਼ਲ ਚੌਧਰੀ ਗੈਂਗ ਦੇ ਮੈਂਬਰ ਜਿਨ੍ਹਾਂ ਵਿੱਚ ਅਮਰਜੀਤ ਸਿੰਘ ਉਰਫ਼ ਅਮਰ, ਜਗਜੀਤ ਸਿੰਘ ਉਰਫ਼ ਗਾਂਧੀ, ਬਲਵਿੰਦਰ ਸਿੰਘ ਉਰਫ਼ ਡੋਨੀ, ਪ੍ਰਭਦੀਪ ਸਿੰਘ ਉਰਫ਼ ਪ੍ਰਭ ਦਾਸੂਵਾਲ ਅਤੇ ਹੋਰ ਸ਼ਾਮਲ ਹਨ, ਵਿਦੇਸ਼ਾਂ ਵਿੱਚੋਂ ਆਪਣੇ ਸਥਾਨਕ ਸੰਚਾਲਕਾਂ ਦੀ ਸਹਾਇਤਾ ਨਾਲ ਸੂਬੇ ਵਿੱਚ ਮਿੱਥ ਕੇ ਕਤਲ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਦੀ ਸਾਜਿਸ਼ ਰਚ ਰਹੇ ਹਨ।

ਜਾਣਕਾਰੀ ਮੁਤਾਬਿਕ ਇਸ ਗਿਰੋਹ ਦੇ ਸਥਾਨਕ ਮੈਂਬਰ ਕਥਿਤ ਤੌਰ ਤੇ ਜੰਡਿਆਲਾ ਅੰਮ੍ਰਿਤਸਰ ਵਿਖੇ ਹਵੇਲੀ ਰੈਸਟੋਰੈਂਟ ਦੇ ਨੇੜੇ ਘੁੰਮ ਰਹੇ ਹਨ ਅਤੇ ਮਾਰੂ ਹਥਿਆਰਾਂ ਨਾਲ ਲੈਸ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਵਿਸ਼ੇਸ਼ ਨਾਕਾ ਲਗਾ ਕੇ ਇਸ ਗੈਂਗ ਦੇ 6 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਚੋਂ ਛੇ ਪਿਸਤੌਲਾਂ ਸਮੇਤ ਗੋਲੀ ਸਿੱਕਾ ਬਰਾਮਦ ਕੀਤਾ।

ਉਹਨਾਂ ਕਿਹਾ ਕਿ ਇਸ ਅਪਰਾਧਿਕ ਨੈਟਵਰਕ ਜੋ ਕਿ ਕਈ ਸੂਬਿਆਂ ਵਿੱਚ ਫੈਲਿਆ ਹੋਇਆ ਹੈ ਅਤੇ ਜਬਰਨ ਵਸੂਲੀ, ਹਥਿਆਰਾਂ ਦੀ ਤਸਕਰੀ ਅਤੇ ਸੰਗਠਿਤ ਅਪਰਾਧਾਂ ਸਮੇਤ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਹੈ, ਦੇ ਸਾਰੇ ਸਬੰਧਾਂ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਸਬੰਧੀ ਐਫਆਈਆਰ ਨੰਬਰ 05 ਮਿਤੀ 26.01.2025 ਨੂੰ ਅਸਲਾ ਐਕਟ ਦੀ ਧਾਰਾ 25, 25(1), 25(1) (ਡੀ) ਅਤੇ 25(8) ਅਤੇ ਭਾਰਤੀ ਨਿਆ ਸੰਹਿਤਾ (ਬੀਐਨਐਸ) ਐਕਟ ਦੀ ਧਾਰਾ 111 ਅਤੇ 61(2) ਤਹਿਤ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ।ਡੱਬੀ: ਗ੍ਰਿਫ਼ਤਾਰ ਵਿਅਕਤੀਆਂ ਦਾ ਅਪਰਾਧਿਕ ਪਿਛੋਕੜ:

- ਪੁਨੀਤ ਲਖਨਪਾਲ: ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ ਅਤੇ ਸੁਖਮੀਤ ਡਿਪਟੀ ਦੇ ਕਤਲ ਸਮੇਤ ਕਈ ਕੇਸਾਂ ਵਿੱਚ ਸ਼ਾਮਲ ਕੌਸ਼ਲ ਚੌਧਰੀ ਗੈਂਗ ਦਾ ਬਦਨਾਮ ਮੈਂਬਰ ਹੈ ਅਤੇ ਉਸ ਖ਼ਿਲਾਫ਼ 20 ਤੋਂ ਵੱਧ ਕੇਸ ਦਰਜ ਹਨ।
- ਨਰਿੰਦਰ ਕੁਮਾਰ ਉਰਫ਼ ਲਾਲੀ: ਕੌਸ਼ਲ ਚੌਧਰੀ ਗੈਂਗ ਦਾ ਮੁੱਖ ਸ਼ੂਟਰ ਹੈ ਜੋ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ ਅਤੇ ਸੁਖਮੀਤ ਡਿਪਟੀ ਸਮੇਤ ਕਈ ਕਤਲ ਕੇਸਾਂ ਵਿੱਚ ਲੋੜੀਂਦਾ ਹੈ, ਅਤੇ ਉਸਦੇ ਵਿਰੁੱਧ ਸੱਤ ਹੋਰ ਅਪਰਾਧਿਕ ਕੇਸ ਦਰਜ ਹਨ।
- ਹਰਪ੍ਰੀਤ ਸਿੰਘ ਉਰਫ਼ ਹੈਪਲ: ਬਲਵਿੰਦਰ ਉਰਫ਼ ਡੋਨੀ ਅਤੇ ਪ੍ਰਭ ਦਾਸੂਵਾਲ ਗੈਂਗ ਦਾ ਮੈਂਬਰ ਹੈ ਜੋ 2019 ਵਿੱਚ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਮੌਜੂਦਾ ਸਮੇਂ ਇਸ ਵਿਰੁੱਧ ਗੈਰ-ਕਾਨੂੰਨੀ ਹਥਿਆਰਾਂ ਅਤੇ ਹਿੰਸਾ ਨਾਲ ਜੁੜੇ ਕਈ ਮਾਮਲੇ ਸੁਣਵਾਈ ਅਧੀਨ ਹਨ।
- ਮਨਿੰਦਰਜੀਤ ਸਿੰਘ ਉਰਫ਼ ਸ਼ਿੰਦਾ: ਵੱਖ-ਵੱਖ ਗੈਂਗਾਂ ਵਿੱਚ ਸ਼ਾਮਲ ਬਦਨਾਮ ਅਪਰਾਧੀ ਹੈ ਜੋ ਹਥਿਆਰਾਂ ਨਾਲ ਸਬੰਧਤ ਬਹੁਤ ਸਾਰੇ ਅਪਰਾਧਾਂ ਅਤੇ ਹਿੰਸਕ ਗਤੀਵਿਧੀਆਂ ਵਿੱਚ ਸ਼ਾਮਲ ਹੈ ਅਤੇ ਉਸ ਵਿਰੁੱਧ ਕਈ ਕੇਸ ਅਜੇ ਵੀ ਸੁਣਵਾਈ ਅਧੀਨ ਹਨ।
- ਸੰਦੀਪ ਸਿੰਘ: ਕੌਸ਼ਲ ਚੌਧਰੀ ਗੈਂਗ ਦੀਆਂ ਅਪਰਾਧਿਕ ਗਤੀਵਿਧੀਆਂ ਨਾਲ ਜੁੜਿਆ ਹੋਇਆ ਹੈ, ਇਸ ਦੀ ਸ਼ਮੂਲੀਅਤ ਸਬੰਧੀ ਜਾਂਚ ਕੀਤੀ ਜਾ ਰਹੀ ਹੈ।
- ਗੁਰਬਿੰਦਰ ਸਿੰਘ: ਨਸ਼ੀਲੇ ਪਦਾਰਥਾਂ ਨਾਲ ਸਬੰਧਤ ਅਪਰਾਧਾਂ ਅਤੇ ਹਥਿਆਰ ਰੱਖਣ ਦੇ ਮਾਮਲਿਆਂ ਵਿੱਚ ਸ਼ਾਮਲ ਹੈ ਅਤੇ ਉਸ ਵਿਰੁੱਧ ਮੌਜੂਦਾ ਸਮੇਂ ਆਰਮਜ਼ ਐਕਟ ਅਤੇ ਐਨਡੀਪੀਐਸ ਐਕਟ ਦੀ ਉਲੰਘਣਾ ਸਮੇਤ ਕਈ ਅਪਰਾਧਿਕ ਮਾਮਲੇ ਸੁਣਵਾਈ ਅਧੀਨ ਹੈ।

# ਕੈਲਾਸ਼ ਮਾਨਸਰੋਵਰ ਯਾਤਰਾ ਫਿਰ ਹੋਵੇਗੀ ਸ਼ੁਰੂ, ਭਾਰਤ-ਚੀਨ ਵਿਚਾਲੇ ਸਿੱਧੀਆਂ ਉਡਾਣਾਂ



ਨਵੀਂ ਦਿੱਲੀ- (ਲੋਕ ਬਾਣੀ) ਕੈਲਾਸ਼ ਮਾਨਸਰੋਵਰ ਯਾਤਰਾ ਇਸ ਸਾਲ ਗਰਮੀਆਂ ਦੇ ਮੌਸਮ ਵਿੱਚ ਮੁੜ ਸ਼ੁਰੂ ਕੀਤੀ ਜਾਵੇਗੀ। ਦੱਸ ਦੇਈਏ ਕਿ ਭਾਰਤ ਅਤੇ ਚੀਨ ਵਿਚਾਲੇ 2020 ਦੇ ਡੋਕਲਾਮ ਵਿਵਾਦ ਤੋਂ ਬਾਅਦ ਇਹ ਦੌਰਾ ਰੋਕ ਦਿੱਤਾ ਗਿਆ ਸੀ।ਯਾਤਰਾ ਮੁੜ ਸ਼ੁਰੂ ਕਰਨ ਦਾ ਫੈਸਲਾ ਦੋਵਾਂ ਦੇਸ਼ਾਂ ਦੇ ਵਿਦੇਸ਼ ਸਕੱਤਰਾਂ ਵਿਚਾਲੇ ਦੋ ਦਿਨਾਂ ਦੀ ਗੱਲਬਾਤ ਤੋਂ ਬਾਅਦ ਲਿਆ ਗਿਆ। ਮੀਟਿੰਗ ਵਿੱਚ ਦੋਵਾਂ ਦੇਸ਼ਾਂ ਦਰਮਿਆਨ ਸਿੱਧੀਆਂ ਉਡਾਣਾਂ ਸ਼ੁਰੂ ਕਰਨ ਦਾ ਵੀ ਫੈਸਲਾ ਕੀਤਾ ਗਿਆ। ਇਹ ਕੋਵਿਡ ਤੋਂ ਬਾਅਦ ਬੰਦ ਹੋ ਗਏ ਸਨ।

ਭਾਰਤ ਦੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਇਨ੍ਹਾਂ ਵਾਰਤਾਵਾਂ ਲਈ ਬੀਜਿੰਗ ਗਏ ਸਨ। ਇਹ ਗੱਲਬਾਤ ਭਾਰਤ ਅਤੇ ਚੀਨ ਦੇ ਵਿਦੇਸ਼ ਸਕੱਤਰ-ਉਪ ਵਿਦੇਸ਼ ਮੰਤਰੀ ਤੰਤਰ ਦੇ ਤਹਿਤ ਹੋਈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਅਕਤੂਬਰ ਵਿੱਚ ਕਜ਼ਾਨ ਵਿੱਚ ਮੁਲਾਕਾਤ ਕੀਤੀ ਸੀ। ਦੋਵਾਂ ਦੇਸ਼ਾਂ ਨੇ ਫਿਰ ਆਪਸੀ ਸਬੰਧਾਂ ਦੀ ਸਥਿਤੀ ਤੇ ਚਰਚਾ ਕੀਤੀ ਅਤੇ ਸਬੰਧਾਂ ਨੂੰ ਸੁਧਾਰਨ ਲਈ ਕੁਝ ਕਦਮ ਚੁੱਕਣ ਲਈ ਸਹਿਮਤੀ ਪ੍ਰਗਟਾਈ।

ਕੈਲਾਸ਼ ਮਾਨਸਰੋਵਰ ਦਾ ਜ਼ਿਆਦਾਤਰ ਖੇਤਰ ਤਿੱਬਤ ਵਿੱਚ ਹੈ। ਚੀਨ ਤਿੱਬਤ ਤੇ ਆਪਣਾ ਹੱਕ ਜਤਾਉਂਦਾ ਹੈ। ਕੈਲਾਸ਼ ਪਰਬਤ ਲੜੀ ਕਸ਼ਮੀਰ ਤੋਂ ਭੂਟਾਨ ਤੱਕ ਫੈਲੀ ਹੋਈ ਹੈ। ਇਸ ਖੇਤਰ ਵਿੱਚ, ਲਹਾ ਚੂ ਅਤੇ ਝੋਂਗ ਚੂ ਨਾਮ ਦੇ ਦੋ ਸਥਾਨਾਂ ਦੇ ਵਿਚਕਾਰ ਇੱਕ ਪਹਾੜ ਹੈ। ਇੱਥੇ ਇਸ ਪਹਾੜ ਦੀਆਂ ਦੋ ਜੁੜੀਆਂ ਚੋਟੀਆਂ ਹਨ। ਇਨ੍ਹਾਂ ਵਿੱਚੋਂ ਉੱਤਰੀ ਚੋਟੀ ਨੂੰ ਕੈਲਾਸ਼ ਵਜੋਂ ਜਾਣਿਆ ਜਾਂਦਾ ਹੈ।

ਇਸ ਚੋਟੀ ਦੀ ਸ਼ਕਲ ਇਕ ਵਿਸ਼ਾਲ ਸ਼ਿਵਲਿੰਗ ਵਰਗੀ ਹੈ। ਇਹ ਸਥਾਨ ਉੱਤਰਾਖੰਡ ਦੇ ਲਿਪੁਲੇਖ ਤੋਂ ਸਿਰਫ਼ 65 ਕਿਲੋਮੀਟਰ ਦੂਰ ਹੈ। ਇਸ ਸਮੇਂ ਕੈਲਾਸ਼ ਮਾਨਸਰੋਵਰ ਦਾ ਵੱਡਾ ਇਲਾਕਾ ਚੀਨ ਦੇ ਕਬਜ਼ੇ ਵਿਚ ਹੈ। ਇਸ ਲਈ ਇੱਥੇ ਜਾਣ ਲਈ ਚੀਨ ਤੋਂ ਇਜਾਜ਼ਤ ਲੈਣੀ ਪੈਂਦੀ ਹੈ।

# ਭਾਰਤ ਸੈਮੀਫਾਈਨਲ ਵਿੱਚ ਪਹੁੰਚਿਆ, ਬੰਗਲਾਦੇਸ਼ ਨੂੰ 8 ਵਿਕਟਾਂ ਨਾਲ ਹਰਾਇਆ




ਨਵੀਂ ਦਿੱਲੀ-(ਲੋਕ ਬਾਣੀ) ਆਈਸੀਸੀ ਅੰਡਰ-19 ਮਹਿਲਾ ਵਿਸ਼ਵ ਕੱਪ ਵਿੱਚ ਭਾਰਤ ਨੇ ਬੰਗਲਾਦੇਸ਼ ਨੂੰ 8 ਵਿਕਟਾਂ ਨਾਲ ਹਰਾ ਦਿੱਤਾ ਹੈ। ਕੁਆਲਾਲੰਪੁਰ ਚ ਇਸ ਜਿੱਤ ਨਾਲ ਭਾਰਤੀ ਮਹਿਲਾ ਟੀਮ ਸੈਮੀਫਾਈਨਲ ਚ ਪਹੁੰਚ ਗਈ ਹੈ।ਐਤਵਾਰ ਨੂੰ ਟਾਸ ਜਿੱਤ ਕੇ ਫੀਲਡਿੰਗ ਕਰਨ ਤੋਂ ਬਾਅਦ ਭਾਰਤੀ ਟੀਮ ਨੇ ਬੰਗਲਾਦੇਸ਼ ਨੂੰ 64/8 ਦੇ ਸਕੋਰ ਤੇ ਰੋਕ ਦਿੱਤਾ। ਕਪਤਾਨ ਸੁਮੱਈਆ ਅਖਤਰ ਨੇ 21 ਦੌੜਾਂ ਬਣਾਈਆਂ। ਸਪਿੰਨਰ ਵੈਸ਼ਨਵੀ ਸ਼ਰਮਾ ਨੇ 15 ਦੌੜਾਂ ਦੇ ਕੇ 3 ਵਿਕਟਾਂ ਲਈਆਂ। ਗੋਂਗੜੀ ਤ੍ਰਿਸ਼ਾ ਦੀਆਂ 40 ਦੌੜਾਂ ਦੀ ਬਦੌਲਤ ਭਾਰਤ ਨੇ 2 ਵਿਕਟਾਂ ਗੁਆ ਕੇ 66 ਦੌੜਾਂ ਬਣਾਈਆਂ ਅਤੇ 7.1 ਓਵਰਾਂ ਚ ਆਸਾਨੀ ਨਾਲ ਜਿੱਤ ਹਾਸਲ ਕਰ ਲਈ। ਭਾਰਤ ਤੋਂ ਇਲਾਵਾ ਆਸਟ੍ਰੇਲੀਆ ਨੇ ਸੁਪਰ ਸਿਕਸ ਗਰੁੱਪ-1 ਚੋਂ ਵੈਸਟਇੰਡੀਜ਼ ਨੂੰ 7 ਵਿਕਟਾਂ ਨਾਲ ਹਰਾ ਕੇ ਸੈਮੀਫਾਈਨਲ ਚ ਜਗ੍ਹਾ ਬਣਾ ਲਈ ਹੈ। ਦੱਖਣੀ ਅਫਰੀਕਾ ਨੇ ਗਰੁੱਪ-2 ਚੋਂ ਆਇਰਲੈਂਡ ਨੂੰ ਹਰਾ ਕੇ ਨਾਕਆਊਟ ਚ ਆਪਣੀ ਜਗ੍ਹਾ ਪੱਕੀ ਕਰ ਲਈ ਹੈ।

# ਬਾਬਾ ਸਾਹਿਬ ਜੀ ਦੀ ਮੂਰਤੀ ਨੂੰ ਤੋੜਨ ਵਾਲੇ ਵਿਅਕਤੀ ਤੇ ਐਨਐਸਏ ਲਗਾਕੇ ਸਖਤ ਤੋ ਸ਼ਖਤ ਸਜ਼ਾ ਦਿੱਤੀ ਜਾਵੇ : ਡਾ ਐਮ ਜਮੀਲ ਬਾਲੀ



ਹੁਸ਼ਿਆਰਪੁਰ ਲੋਕ ਬਾਣੀ )ਇੱਕ ਪਾਸੇ ਕੱਲ ਪੂਰੇ ਦੇਸ਼ ਵਿੱਚ 76ਵਾਂ ਗਣਤੰਤਰਤਾ ਦਿਵਸ ਮਨਾਇਆ ਜਾ ਰਿਹਾ ਸੀ ਕਿਉਂਕਿ 26 ਜਨਵਰੀ ਵਾਲੇ ਦਿਨ ਭਾਰਤ ਵਿੱਚ ਸੰਵਿਧਾਨ ਲਾਗੂ ਹੋਇਆ ਸੀ। ਦੂਜੇ ਪਾਸੇ ਇੱਕ ਅਕਾਸ਼ ਸਿੰਘ ਨਾਂ ਦੇ ਨੌਜਵਾਨ ਨੇ ਪੌੜੀ ਲਗਾ ਕੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਨੂੰ ਹੱਥ ਚ ਹਥੌੜਾ ਫੜ੍ਹ ਕੇ ਤੋੜਨ ਦੀ ਕੋਸ਼ਿਸ਼ ਕੀਤੀ। ਇਸ ਘਟਨਾ ਕਾਰਨ ਹਰ ਵਰਗ ਦੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਬਾਬਾ ਸਾਹਿਬ ਜੀ ਦੀ ਇਹ ਮੂਰਤੀ ਅੰਮ੍ਰਿਤਸਰ ਦੇ ਵਿਰਾਸਤੀ ਮਾਰਗ ਤੇ ਲੱਗੀ ਹੋਈ ਹੈ। ਇਹੀ ਨਹੀਂ, ਇਸ ਨੌਜਵਾਨ ਨੇ ਸੰਵਿਧਾਨ ਦੀਆ ਕਾਪੀਆ ਨੂੰ ਵੀ ਅੱਗ ਲਗਾਈ। ਇਹ ਵਿਚਾਰ ਬਾਲੀ ਹਸਪਤਾਲ ਦੇ ਐਮਡੀ ਅਤੇ ਬੁੱਧੀਜੀਵੀ ਸ਼ਖਸ਼ੀਅਤ ਡਾਕਟਰ ਐਮ ਜਮੀਲ ਬਾਲੀ ਨੇ ਸਾਡੇ ਪੱਤਰਕਾਰ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਸਾਂਝੇ ਕੀਤੇ ! ਉਹਨਾਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਦੀ ਪ੍ਰਤਿਮਾ ਨੂੰ ਤੋੜਨਾ ਇੱਕ ਮੰਦਭਾਗੀ ਘਟਨਾ ਹੈ। ਮੂਰਤੀ ਤੋੜਨ ਵਾਲਾ ਸ਼ਖਸ ਕੋਈ ਵੀ ਹੋਵੇ, ਉਸ ਤੇ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ, ਕਿਉਂਕਿ ਇਸ ਨੇ ਪੰਜਾਬ ਅੰਦਰ ਭਾਈਚਾਰਕ ਸਾਂਝ ਤੋੜਨ ਦੀ ਕੋਸ਼ਿਸ਼ ਕੀਤੀ ਹੈ। ਉਹਨਾਂ ਕਿਹਾ ਕਿ ਮੂਰਤੀ ਤੋੜਨ ਵਰਗੇ ਘਿਨਾਉਣੇ ਕਰਨਾਵੇਂ ਨੇ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਉਹਨਾਂ ਕਿਹਾ ਕਿ ਇਸ ਸ਼ਖਸ ਜਾਂ ਇਸ ਕਾਰਵਾਈ ਨੂੰ ਅੰਜਾਮ ਦੇਣ ਪਿੱਛੇ ਹੋਰ ਲੋਕਾਂ ਦਾ ਪਰਦਾਫਾਸ਼ ਕਰਕੇ ਸਾਰਿਆਂ ਨੂੰ ਕਾਨੂੰਨੀ ਤੌਰ ਤੇ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ।ਉਹਨਾਂ ਕਿਹਾ ਕਿ ਇਹ ਸਾਰਾ ਏਜੰਸੀਆਂ ਦਾ ਰਚਿਆ ਗਿਆ ਛੜਯੰਤਰ ਹੈ,ਉਹਨਾਂ ਕਿਹਾ ਕਿ ਇਹੋ ਜਿਹੇ ਸ਼ਰਾਰਤੀ ਅਨਸਰਾਂ ਨੂੰ ਪੰਜਾਬ ਦਾ ਭਾਈਚਾਰਾ ਹਜਮ ਨਹੀਂ ਹੋ ਰਿਹਾ। ਉਹਨਾਂ ਕਿਹਾ ਕਿ ਆਜ਼ਾਦੀ ਦੇ ਅੰਦੋਲਨ ਤੋਂ ਲੈ ਕੇ ਹੁਣ ਤੱਕ ਬਾਬਾ ਸਾਹਿਬ ਨੂੰ ਇਸ ਕਰਕੇ ਨਫਰਤ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ, ਕਿਉਂਕਿ ਉਨ੍ਹਾਂ ਸਦੀਆਂ ਤੋਂ ਜਾਤੀਵਾਦੀ ਉਚ-ਨੀਚ ਦੀ ਵਿਵਸਥਾ ਤੋਂ ਪੀੜਤ ਲੋਕਾਂ ਨੂੰ ਬਰਾਬਰੀ ਦੇ ਹੱਕ ਲੈ ਕੇ ਦਿੱਤੇ ਅਤੇ ਉਨ੍ਹਾਂ ਨੂੰ ਸਨਮਾਨ ਨਾਲ ਜੀਉਣਾ ਸਿਖਾਇਆ ਅਤੇ ਉਚ-ਨੀਚ ਦੀ ਵਿਵਸਥਾ ਨੂੰ ਟੱਕਰ ਦਿੱਤੀ ਜਿਸ ਕਰਕੇ ਦੇਸ਼ ਭਰ ਵਿੱਚ ਡਾ. ਅੰਬੇਡਕਰ ਦੇ ਬੁੱਤਾਂ ਨੂੰ ਨੁਕਸਾਨ ਪਹੁੰਚਾਇਆਂ ਜਾ ਰਿਹਾ ਹੈ ਜੋ ਕੀ ਇਸਨੂੰ ਕੋਈ ਵੀ ਵਰਗ ਕਦੇ ਬਰਦਾਰਸ਼ਤ ਨਹੀਂ ਕਰੇਗਾ ।ਉਹਨਾਂ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਦੇਸ਼ ਦੇ ਕਰੋੜਾਂ ਲੋਕਾਂ ਦੇ ਆਦਰਸ਼ ਹਨ। ਉਹਨਾਂ ਕਿਹਾ ਕਿ ਬਾਬਾ ਸਾਹਿਬ ਦੇ ਸਨਮਾਨ ਖਿਲਾਫ ਹੋਣ ਵਾਲੀਆਂ ਇਸ ਤਰ੍ਹਾਂ ਦੀਆਂ ਘਟਨਾਵਾਂ ਤੇ ਭਾਰਤ ਦੇ ਲੋਕਾਂ ਵਲੋਂ ਤਿੱਖਾ ਪ੍ਰਤੀਕਰਮ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਬਾਬਾ ਸਾਹਿਬ ਜੀ ਦੀ ਮੂਰਤੀ ਨੂੰ ਤੋੜਨ ਵਾਲੇ ਵਿਅਕਤੀ ਤੇ ਐਨਐਸਏ ਲਗਾਇਆ ਜਾਵੇ ਤੇ ਸਖਤ ਸਜ਼ਾ ਦਿੱਤੀ ਜਾਵੇ।

# ਰੋਜ਼ਗਾਰ ਬਿਊਰੋ ਵਲੋਂ ਪਲੇਸਮੈਂਟ ਕੈਂਪ ਅੱਜ




ਬਰਨਾਲਾ, 2 ਲੋਕ ਬਾਣੀ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ ਵੱਲੋਂ ਗਲੋਬਸ ਵੇਅਰਹਾਊਸ/ਟ੍ਰੇਡਿੰਗ ਪ੍ਰਾਈਵੇਟ ਲਿਮਟਿਡ ਕੰਪਨੀ ਨਾਲ ਤਾਲਮੇਲ ਕਰਕੇ ਮਿਤੀ 30.01.2025 (ਦਿਨ ਵੀਰਵਾਰ) ਨੂੰ ਸਵੇਰੇ 10:00 ਵਜੇ ਤੋਂ 02:00 ਤੱਕ ਸਟੇਸ਼ਨ ਮੈਨੇਜਰ, ਟੈਕਨੀਕਲ ਅਸਿਸਟੈਂਟ, ਗਡਾਊਨ ਅਸਿਸਟੈਂਟ/ਗਡਾਊਨ ਕਲਰਕ ਦੀਆਂ ਅਸਾਮੀਆਂ (ਸਿਰਫ ਲੜਕਿਆਂ ਲਈ) ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਦੂਸਰੀ ਮੰਜਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਰਨਾਲਾ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਬਰਨਾਲਾ ਮੈਡਮ ਨਵਜੋਤ ਕੌਰ ਨੇ ਦੱਸਿਆ ਕਿ ਉਕਤ ਅਸਾਮੀਆਂ ਲਈ ਯੋਗਤਾ ਘੱਟੋ-ਘੱਟ 12ਵੀਂ ਕੰਪਿਊਟਰ ਨਾਲ ਪਾਸ/ਗ੍ਰੈਜੂਏਟ, ਪੋਸਟ ਗ੍ਰੈਜੂਏਸ਼ਨ, ਅਤੇ ਬੀ.ਐਸ.ਸੀ. ਐਗਰੀਕਲਚਰ ਹੈ ਅਤੇ ਉਮਰ ਹੱਦ 18 ਤੋਂ 45 ਸਾਲ ਹੈ।

ਇੰਟਰਵਿਊ ਦੌਰਾਨ ਪ੍ਰਾਰਥੀਆਂ ਕੋਲ ਰਜ਼ਿਊਮ ਹੋਣਾ ਅਤੇ ਇੰਟਰਵਿਊ ਦੌਰਾਨ ਫਾਰਮਲ ਡਰੈਸ ਵਿੱਚ ਹੋਣਾ ਲਾਜ਼ਮੀ ਹੈ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ ਦੇ ਹੈਲਪਲਾਈਨ ਨੰਬਰ 9417039072 ਤੇ ਸੰਪਰਕ ਕਰੋ।

# ਯਾਰ ਅਨਮੂਲੇ, ਸੰਨ 1996-97 ਵਿੱਚ ਇਕੱਠੇ ਦਸਵੀਂ ਪਾਸ ਕਰ ਚੁੱਕੇ ਦੋਸਤਾਂ ਨੇ 29 ਸਾਲ ਬਾਅਦ ਇਕੱਠੇ ਹੋ ਕੇ ਕੀਤੀ ਪਾਰਟੀ



ਧਨੌਲਾ ਮੰਡੀ ( ਲੋਕ ਬਾਣੀ) ਮਸ਼ਹੂਰ ਪੰਜਾਬੀ ਗਾਇਕ ਸ਼ੈਰੀਮਾਨ ਦੇ ਗਾਏ ਹੋਏ ਮਸ਼ਹੂਰ ਪੰਜਾਬੀ ਗੀਤ ਯਾਰ ਅਨਮੂਲੇ ਹਵਾ ਦੇ ਬੁੱਲੇ ਦੇ ਬੋਲਾਂ ਨੂੰ ਧਨੌਲਾ ਮੰਡੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਵਿੱਚ ਸੰਨ 1996-97 ਦੌਰਾਨ ਦਸਵੀਂ ਕਲਾਸ ਪਾਸ ਕਰ ਚੁੱਕੇ ਦੋਸਤਾਂ ਨੇ 29 ਸਾਲ ਬਾਅਦ ਇਕੱਠੇ ਹੋ ਕੇ ਆਪਣੇ ਦੋਸਤ ਧਰਮਿੰਦਰ ਕੁਮਾਰ ਨੀਟੂ ਦਾ ਜਨਮਦਿਨ ਮਨਾ ਕੇ ਸੱਚ ਕੀਤਾ। ਬੀਤੇ ਦਿਨੀਂ 29 ਸਾਲ ਪਹਿਲਾਂ ਇੱਕਠੇ ਦਸਵੀਂ ਪਾਸ ਕਰ ਚੁੱਕੇ ਦੋਸਤਾਂ ਨੇ ਇਕੱਠੇ ਹੋ ਕੇ ਪੁਰਾਣੀਆਂ ਯਾਦਾਂ ਨੂੰ ਤਾਜਾ ਕਰਨ ਦਾ ਪਰੋਗਰਾਮ ਬਣਾਇਆ ਅਤੇ ਫਿਰ ਸਾਂਮ ਨੂੰ ਬਰਨਾਲਾ ਦੇ ਇੱਕ ਰੇਸਟੋਰੇਂਟ ਵਿਚ ਇੱਕਠੇ ਹੋ ਕੇ ਆਪਣੀਆਂ ਪੁਰਾਣੀਆਂ ਖੱਟੀਆਂ ਮਿੱਠੀਆ ਯਾਦਾਂ ਨੂੰ ਤਾਜਾ ਕਰਦਿਆਂ ਖੂਬ ਮਸਤੀ ਕੀਤੀ। ਇਸ ਮੌਕੇ ਤੇ ਬਹੁਤ ਹੀ ਖੁਸ਼ ਮਿਜਾਜ਼ ਸੁਭਾਅ ਦੇ ਮਾਲਿਕ ਪ੍ਰਭਜੋਤ ਸਿੰਘ ਜੋ ਕਿ ਕੁੱਝ ਦਿਨਾਂ ਲਈ ਅਸਟਰੇਲੀਆ ਤੋਂ ਆਇਆਂ ਹੋਇਆ ਹੈ ਨੇ ਵਿਸੇਸ਼ ਤੋਰ ਤੇ ਪਹੁੰਚ ਕੇ ਸ਼ਿਰਕਤ ਕੀਤੀ। ਇੰਨੇ ਸਾਲਾਂ ਬਾਅਦ ਇੱਕਠੇ ਹੋਏ ਦੋਸਤਾਂ ਨੇ ਇੱਕ ਦੂਜੇ ਨੂੰ ਮਿਲਕੇ ਬਹੁਤ ਖੁਸ਼ੀ ਜਾਹਰ ਕੀਤੀ। ਇੱਕ ਦੂਜੇ ਨੂੰ ਮਿਲਕੇ ਸਾਰੇ ਦੋਸਤਾਂ ਨੇ ਇੰਨੀ ਖੁਸ਼ੀ ਮਨਾਈ ਕਿ ਕਿਸੇ ਦੀ ਵੀ ਖੁਸ਼ੀ ਦਾ ਟਿਕਾਣਾ ਨਹੀਂ ਸੀ। ਇਸ ਮੋਕੇ ਤੇ ਪ੍ਰਭਜੋਤ ਸਿੰਘ ਅਸਟਰੇਲੀਆ, ਧਰਮਿੰਦਰ ਕੁਮਾਰ ਨੀਟੂ, ਪਰਦੀਪ ਮਿੱਤਲ, ਗਗਨਦੀਪ ਮਿੱਤਲ, ਜਤਿੰਦਰ ਸਿੰਘ ਗਿੱਲ, ਮਨਦੀਪ ਸਿੰਘ ਅਤੇ ਪਰਦੀਪ ਕੁਮਾਰ ਦੀਪੀ ਹਾਜਰ ਸਨ। ਇੱਕਠੇ ਹੋਏ ਦੋਸਤਾਂ ਨੇ ਕਿਹਾ ਕਿ ਜਲਦੀ ਹੀ ਕੋਈ ਪਰੋਗਰਾਮ ਕਰਕੇ ਬਾਕੀ ਰਹਿੰਦੇ ਜਮਾਤੀ ਦੋਸਤਾਂ ਨੂੰ ਵੀ ਇਕਠਿਆਂ ਕੀਤਾ ਜਾਵੇਗਾ ਅਤੇ ਇਹ ਵੀ ਫੈਸਲਾ ਕੀਤਾ ਕਿ ਜਿਵੇਂ ਅੱਜ ਇੱਕਠੇ ਹੋ ਕੇ ਧਰਮਿੰਦਰ ਕੁਮਾਰ ਨੀਟੂ ਦਾ ਜਨਮਦਿਨ ਮਨਾਉਦਿਆਂ ਕੇਕ ਕੱਟਿਆ ਗਿਆ ਹੈ ਇਸੇ ਤਰ੍ਹਾਂ ਹਰ ਇੱਕ ਦੋਸਤ ਦਾ ਜਨਮਦਿਨ ਵੀ ਇੱਕਠੇ ਹੋ ਕੇ ਮਨਾਇਆ ਜਾਇਆ ਕਰੇਗਾ।

# ਪੈਸ਼ਨ ਇੰਗਲਿਸ਼ ਅਕੈਡਮੀ: ਬੱਚਿਆਂ ਦੇ ਸੁਪਨਿਆਂ ਨੂੰ ਦਿੱਤਾ ਉਡਾਣ ਦਾ ਅਸਮਾਨ

ਧੂਰੀ (ਲੋਕ ਬਾਣੀ )ਪੈਸ਼ਨ ਇੰਗਲਿਸ਼ ਅਕੈਡਮੀ ਨੇ ਹਾਲ ਹੀ ਵਿੱਚ ਇੱਕ ਪ੍ਰੇਰਣਾਦਾਇਕ ਅਤੇ ਪ੍ਰਭਾਵਸ਼ਾਲੀ ਸਾਰਵਜਨਿਕ ਬੋਲਣ ਦਾ ਪ੍ਰੋਗਰਾਮ ਆਯੋਜਿਤ ਕੀਤਾ, ਜੋ ਵਿਦਿਆਰਥੀਆਂ ਦੇ ਆਤਮਵਿਸ਼ਵਾਸ ਅਤੇ ਸ਼ਖਸੀਅਤ ਵਿਕਾਸ ਲਈ ਬਹੁਤ ਹੀ ਉਤਕ੍ਰਿਸ਼ਟ ਮੌਕਾ ਸਾਬਤ ਹੋਇਆ। ਇਸ ਪ੍ਰੋਗਰਾਮ ਵਿੱਚ ਵਾਦ-ਵਿਵਾਦ ਮੁਕਾਬਲੇ, ਸਵਾਲ-ਜਵਾਬ ਸੈਸ਼ਨ, ਇੰਟਰਵਿਊ ਅਤੇ ਮੌਕ ਟੈਸਟ ਵਰਗੀਆਂ ਗਤੀਵਿਧੀਆਂ ਸ਼ਾਮਲ ਸਨ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਆਵਾਜ਼ ਬੁਲੰਦ ਕਰਨ ਅਤੇ ਆਪਣੇ ਵਿਚਾਰ ਸਾਂਝੇ ਕਰਨ ਦਾ ਸ਼ਾਨਦਾਰ ਮੰਚ ਪ੍ਰਦਾਨ ਕੀਤਾ। ਮੁੱਖ ਮਹਿਮਾਨ ਸ਼੍ਰੀ ਸੁਖਦੀਪ ਸਿੰਘ ਸੋਢੀ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸਿਫ਼ਤ ਕਰਦਿਆਂ ਕਿਹਾ, ਇਸ ਤਰ੍ਹਾਂ ਦੇ ਆਯੋਜਨ ਬੱਚਿਆਂ ਦੇ ਭਵਿੱਖ ਨੂੰ ਰੌਸ਼ਨ ਕਰਨ ਵਿੱਚ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਮੰਚ ਉਨ੍ਹਾਂ ਨੂੰ ਆਤਮਨਿਰਭਰ ਅਤੇ ਆਤਮਵਿਸ਼ਵਾਸੀ ਬਣਾਉਣ ਵਿੱਚ ਮਦਦਗਾਰ ਸਾਬਤ ਹੁੰਦੇ ਹਨ।ਪ੍ਰੋਗਰਾਮ ਦੇ ਅੰਤ ਵਿੱਚ, ਅਕੈਡਮੀ ਦੀ ਡਾਇਰੈਕਟਰ, ਸੁਸ਼੍ਰੀ ਪੂਜਾ ਪਾਂਡੇ ਨੇ ਕਿਹਾ, ਇਹ ਸਾਡੀ ਪਹਿਲੀ ਸ਼ੁਰੂਆਤ ਹੈ, ਪਰ ਇਹ ਅਖੀਰ ਨਹੀਂ। ਅਸੀਂ ਅਜੇਹੇ ਸੈਸ਼ਨ ਵਾਰ-ਵਾਰ ਕਰਵਾਉਂਗੇ ਤਾਂ ਜੋ ਬੱਚੇ ਸਿਰਫ਼ ਰੱਟੀ ਤੱਕ ਹੀ ਸੀਮਤ ਨਾ ਰਹਿਣ। ਸਾਡਾ ਉਦੇਸ਼ ਹੈ ਕਿ ਉਹ ਹਰ ਮੰਚ ਤੇ ਆਤਮਵਿਸ਼ਵਾਸ ਨਾਲ ਖੜ੍ਹੇ ਹੋਣ ਅਤੇ ਭਵਿੱਖ ਵਿੱਚ ਕਿਸੇ ਵੀ ਮੁਕਾਬਲੇ ਵਿੱਚ ਬਿਹਤਰ ਪ੍ਰਦਰਸ਼ਨ ਕਰ ਸਕਣ।

# ਜ਼ਿਲ੍ਹਾ ਕਾਨੂੰਨੀਂ ਸੇਵਾਵਾਂ ਅਥਾਰਟੀ ਵਲੋਂ ਜਿਲ੍ਹਾ ਜੇਲ੍ਹ ਦਾ ਦੌਰਾ

ਬਰਨਾਲਾ,( ਲੋਕ ਬਾਣੀ)ਸ਼੍ਰੀ ਬੀ.ਬੀ.ਐੱਸ. ਤੇਜ਼ੀ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ–ਸਹਿਤ–ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਜੀ ਵੱਲੋ ਜ਼ਿਲ੍ਹਾ ਜੇਲ੍ਹ, ਬਰਨਾਲਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸ਼੍ਰੀ ਮਦਨ ਲਾਲ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ, ਸ਼੍ਰੀ ਗੁਰਮੇਲ ਸਿੰਘ ਗਿਲ, ਡਿਪਟੀ ਚੀਫ ਲੀਗਲ ਏਡ ਡਿਫੈਂਸ ਕਾਉਂਸਲ ਅਤੇ ਸ਼੍ਰੀ ਗੁਰਨੈਬ ਸਿੰਘ ਢਿਲੋਂ, ਡਿਪਟੀ ਚੀਫ ਲੀਗਲ ਏਡ ਡਿਫੈਂਸ ਕੌਂਸਲ ਬਰਨਾਲਾ ਹਾਜ਼ਰ ਸਨ।



ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ–ਸਹਿਤ–ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਜੀ ਨੇ ਜੇਲ੍ਹ ਬੰਦੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਦਾ ਜਾਇਜ਼ਾ ਲਿਆ ਅਤੇ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਵਾਇਆ। ਉਨ੍ਹਾਂ ਵੱਲੋਂ ਜੇਲ੍ਹ ਬੈਰਕਾਂ ਅਤੇ ਰਸੋਈ ਘਰ ਦੀ ਚੈਕਿੰਗ ਕੀਤੀ ਗਈ ਅਤੇ ਸਾਫ਼–ਸਫਾਈ ਦਾ ਜਾਇਜ਼ਾ ਲਿਆ ਗਿਆ।


ਇਸ ਤੋਂ ਇਲਾਵਾ ਉਨ੍ਹਾਂ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਕੈਦੀਆਂ/ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੁਫ਼ਤ ਕਾਨੂੰਨੀ ਸਹਾਇਤਾ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਮਾਨਯੋਗ ਹਾਈਕੋਰਟ ਅਤੇ ਮਾਨਯੋਗ ਸੁਪਰੀਮ ਕੋਰਟ ਵਿਚ ਅਪੀਲ ਕਰਨ ਦਾ ਤਰੀਕਾ ਅਤੇ ਲਿਮਿਟੇਸ਼ਨ ਪੀਰੀਅਡ ਬਾਰੇ ਵੀ ਜਾਗਰੂਕ ਕੀਤਾ। ਉਨ੍ਹਾਂ ਜੇਲ੍ਹ ਸੁਪਰਡੰਟ ਨੂੰ ਹਦਾਇਤ ਕੀਤੀ ਕਿ ਜੋ ਵੀ ਵਿਅਕਤੀ ਸਰਕਾਰੀ ਖਰਚੇ ਤੇ ਆਪਣੇ ਕੇਸ ਦੀ ਪੈਰਵਾਈ ਕਰਵਾਉਣਾ ਚਾਹੁੰਦਾ ਹੈ, ਉਸ ਦਾ ਫਾਰਮ ਭਰਕੇ ਦੋ ਦਿਨ ਦੇ ਵਿੱਚ–ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਦੇ ਦਫ਼ਤਰ ਵਿਖੇ ਭੇਜਣਾ ਯਕੀਨੀ ਬਣਾਇਆ ਜਾਵੇ, ਤਾਂ ਜੋ ਅਗਲੇਰੀ ਕਾਰਵਾਈ ਕੀਤੀ ਜਾ ਸਕੇ।

ਇਸ ਤੋਂ ਇਲਾਵਾ ਸ਼੍ਰੀ ਮਦਨ ਲਾਲ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਨੇ ਦੱਸਿਆ ਕਿ ਜ਼ਿਲ੍ਹਾ ਜੇਲ੍ਹ, ਬਰਨਾਲਾ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਇੱਕ ਲੀਗਲ ਏਡ ਕਲੀਨਿਕ ਚੱਲ੍ਹ ਰਿਹਾ ਹੈ ਜਿੱਥੇ ਪੈਰਾਲੀਗਲ ਵਲੰਟੀਅਰ ਨਿਯੁਕਤ ਕੀਤਾ ਗਿਆ ਹੈ। ਬੰਦੀ ਆਪਣੇ ਕੇਸ ਬਾਰੇ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਇਸ ਕਲੀਨਿਕ ਤੋਂ ਲੈ ਸਕਦੇ ਹਨ।

# ਸਿਵਲ ਸਰਜਨ ਦਫ਼ਤਰ ਵਿਖੇ ਅਧਿਕਾਰੀਆਂ ਕਰਮਚਾਰੀਆਂ ਨੂੰ ਸੜਕ ਸੁਰੱਖਿਆ ਸਹੁੰ ਚੁਕਾਈ ਗਈ

ਹੁਸ਼ਿਆਰਪੁਰ ( ਲੋਕ ਬਾਣੀ) ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਲਈ ਸਿੱਖਿਅਤ ਅਤੇ ਉਤਸ਼ਾਹਿਤ ਕਰਨ ਲਈ ਸਿਵਲ ਸਰਜਨ ਦਫ਼ਤਰ ਹੁਸ਼ਿਆਰਪੁਰ ਵਿਖੇ ਸਿਵਲ ਸਰਜਨ ਡਾ ਪਵਨ ਕੁਮਾਰ ਸ਼ਗੋਤਰਾ ਦੇ ਨਿਰਦੇਸ਼ਾਂ ਅਨੁਸਾਰ ਦਫ਼ਤਰ ਦੇ ਸਾਰੇ ਕਰਮਚਾਰੀ ਅਤੇ ਅਧਿਕਾਰੀਆਂ ਨੂੰ ਸੜਕ ਸੁਰੱਖਿਆ ਸੰਬੰਧੀ ਸਹੁੰ ਚੁਕਾਈ ਗਈ। ਇਸ ਮੌਕੇ ਸਿਵਲ ਸਰਜਨ ਨੇ ਸਭ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦਾ ਸੰਦੇਸ਼ ਦਿੰਦਿਆਂ ਅਪੀਲ ਕੀਤੀ ਕਿ ਸੜਕ ‘ਤੇ ਜਾਣ ਵਾਲੇ ਹਰੇਕ ਵਿਅਕਤੀ ਦਾ ਫਰਜ਼ ਬਣਦਾ ਹੈ ਕਿ ਉਹ ਐਂਬੂਲੈਂਸ ਨੂੰ ਰਸਤਾ ਦੇਵੇ ਅਤੇ ਸੜਕੀ ਨਿਯਮਾਂ ਦਾ ਪਾਲਣ ਕਰਦੇ ਹੋਏ ਧਿਆਨ ਨਾਲ ਆਪਣਾ ਵਾਹਨ ਚਲਾਵੇ। ਉਨ੍ਹਾਂ ਕਿਹਾ ਕਿ ਜ਼ਿਆਦਾਤਰ ਸੜਕ ਹਾਦਸੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਾਰਨ ਹੁੰਦੇ ਹਨ।ਉਹਨਾਂ ਦੋਪਹੀਆ ਵਾਹਨ ਚਲਾਉਂਦੇ ਸਮੇਂ ਹੈਲਮੇਟ ਪਹਿਨਣ, ਗੱਡੀ ਚਲਾਉਂਦੇ ਸਮੇਂ ਸਾਵਧਾਨ ਰਹਿਣ ਅਤੇ ਮੋਬਾਈਲ ਫੋਨ ਦੀ ਵਰਤੋਂ ਨਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਭਾਗੀਦਾਰਾਂ ਨੂੰ ਚੰਗਾ ਵਿਵਹਾਰ ਅਤੇ ਚੰਗੀ ਸੋਚ ਰੱਖਣ ਅਤੇ ਸੜਕ ‘ਤੇ ਚੱਲਦੇ ਸਮੇਂ ਹਮੇਸ਼ਾ ਸੁਚੇਤ ਰਹਿਣ ਅਤੇ ਸੜਕ ਹਾਦਸੇ ਵਕਤ ਹਾਦਸਾਗ੍ਰਸਤ ਵਿਅਕਤੀਆਂ ਦੀ ਮਦਦ ਦੀ ਸਲਾਹ ਦਿੱਤੀ ਤਾਂ ਜੋ ਕੀਮਤੀ ਜਾਨਾਂ ਬਚਾਈਆਂ ਜਾ ਸਕਣ। ਸਿਵਲ ਸਰਜਨ ਨੇ ਹੋਰ ਜਾਣਕਾਰੀ ਸਾਂਝਾ ਕਰਦਿਆਂ ਦੱਸਿਆ ਕਿ ਸਿਹਤ ਵਿਭਾਗ ਪੰਜਾਬ ਵੱਲੋਂ ਚਲਾਈ ਜਾ ਰਹੀ ਫ਼ਿਸ਼ਤੇ ਸਕੀਮ ਦੇ ਤਹਿਤ ਰਜਿਸਟਰਡ ਵਿਅਕਤੀ ਨੂੰ ਹਾਦਸਾਗ੍ਰਸਤ ਵਿਅਕਤੀਆਂ ਦੀ ਮਦਦ ਕਰਨ ਤੇ ਪੰਜਾਬ ਸਰਕਾਰ ਵਲੋਂ 2000 ਰੁਪਏ ਦਾ ਨਗਦ ਇਨਾਮ ਤੇ ਪ੍ਰਸ਼ੰਸ਼ਾ ਪੱਤਰ ਪ੍ਰਦਾਨ ਕੀਤਾ ਜਾਂਦਾ ਹੈ।

# ਪੰਜਾਬੀ ਸੱਭਿਆਚਾਰ ਬਗੀਚੇ ਦੇ ਇਨਾਂ ਖੂਬਸੂਰਤ ਫੁੱਲਾਂ ਨੂੰ ਸੁਨੱਖੀ ਪੰਜਾਬਣ ਮੁਟਿਆਰ ਮੁਕਾਬਲੇ ਦੇ ਸ਼ੁਭ ਮੌਕੇ ਤੇ ਪੁਰਸਕਾਰ ( 2025 )ਦਿੱਤੇ ਜਾਵਣਗੇ -ਜੈਕਬ ਮਸੀਹ ਤੇਜਾ







ਗੁਰਦਾਸਪੁਰ-ਨਵਨੀਤ ਕੁਮਾਰ -
ਆਪਣੀ ਵਿਰਾਸਤ ਦੀ ਮਾਲਾ ਲੜੀ ਵਿੱਚ ਨਵੀਂ ਪੀੜੀ ਨੂੰ ਪਰੋਈ ਰੱਖਣ ਵਾਲੀ ਮਾਝੇ ਦੀ ਮਾਨ ਮੱਤੀ ਸੰਸਥਾ ਲੋਕ ਸਭਿਆਚਾਰਕ ਪਿੜ (ਰਜਿ:) ਗੁਰਦਾਸਪੁਰ ਦੇ ਪੈਰੋਕਾਰ ਜੈਕਬ ਮਸੀਹ ਤੇਜਾ ਨੇ ਢੁੱਕਵੀਂ/ਗੂੜ੍ਹੀ ਜਾਣਕਾਰੀ ਦਿੰਦੇ ਹੋਇਆ ਦੱਸਿਆ ਕਿ ਪਿੜ ਪਰਿਵਾਰ ਵੱਲੋਂ ਸਮੇਂ-ਸਮੇਂ ਤੇ ਕੋਈ ਨਾ ਕੋਈ ਵਿਰਾਸਤੀ ਪ੍ਰੋਗਰਾਮ ਕਰਵਾ ਕੇ ਛੋਟੇ-ਵੱਡੇ ਮੁੰਡੇ-ਕੁੜੀਆਂ ਨੂੰ ਆਪਣੇ ਨਰੋਲ ਪੰਜਾਬੀ ਸੱਭਿਆਚਾਰ ਨਾਲ ਗੰਢ ਕੇ ਰੱਖਿਆ ਜਾਂਦਾ ਹੈ। ਇਸੇ ਲੜੀ ਨੂੰ ਅੱਗੇ ਤੋਰਦਿਆਂ ਹੋਇਆਂ ਇਸ ਵਰੇ ਧੀਆਂ- ਧਿਆਣੀਆਂ ਦਾ ਵਿਲੱਖਣ ਵਿਰਾਸਤੀ ਲੋਕ ਕਲਾਵਾਂ ਮੁਕਾਬਲਾ ਸਨੱਖੀ ਪੰਜਾਬਣ ਮੁਟਿਆਰ 7 ਫਰਵਰੀ 2025 ਨੂੰ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿਖੇ ਬੜੇ ਹੀ ਧੂਮ-ਧਾਮ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਪੰਜਾਬ ਭਰ ਵਿੱਚੋਂ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰ ਚੁੱਕੀਆਂ ਪੰਜਾਬ ਦੀਆਂ 5 ਨਾਮਵਰ ਸ਼ਖਸ਼ੀਅਤਾਂ ਦੀ ਚੋਣ ਕਰਕੇ ਪੁਰਸਕਾਰ ਦਿੱਤੇ ਜਾ ਰਹੇ ਹਨ।

ਜਿੰਨਾ ਵਿੱਚ ਮੁੱਖ ਤੌਰ ਇਹ ਨਾਮ ਹਨ।

**ਪੰਜਾਬੀ ਲੋਕ ਗਾਇਕ ਦਾ ਚਾਨਣ-ਮੁਨਾਰਾ ਸੁਰੀਲਾ ਮੁੱਖਰਾ ਸ. ਬਲਰਾਜ**

ਪੰਜਾਬੀ ਸੱਭਿਆਚਾਰ ਬਗੀਚੇ ਦੇ ਇਸ ਖੂਬਸੂਰਤ ਫੁੱਲ ਨੇ ਜਿੱਥੇ ਆਪਣੀ ਸਖਤ ਮਿਹਨਤ, ਲਗਨ, ਪ੍ਰਤੀਬੱਧਤਾ, ਸ਼ਿੱਦਤ, ਸੁਹਿਰਦਤਾ, ਸਮਰਪਿਤ ਭਾਵਨਾ ਅਤੇ ਸਮਾਜਕ ਸਰੋਕਾਰਾਂ ਨਾਲ ਲਗਾਅ ਰਾਹੀਂ ਨਵੀਆਂ ਮੰਜਿਲਾਂ ਨੂੰ ਤੈਅ ਕੀਤਾ ਹੈ, ਉੱਥੇ ਸਮਾਜ ਨੂੰ ਆਪਣੀ ਕਲਾ ਨਾਲ ਮਹਿਕਾ ਕੇ ਨਾਮ ਰੋਸ਼ਨ ਕੀਤਾ ਹੈ।ਸ ਬਲਰਾਜ ਜੀ ਨੂੰ ਲੋਕ ਗਾਇਕੀ ਦੇ ਖੇਤਰ ਤੇ ਕੰਮ ਕਰਨ ਲਈ 'ਸੁਰਾਂ ਦਾ ਵਣਜਾਰਾ' ਸਵ: ਹੈਪੀ ਮਾਨ ਯਾਦਗਾਰੀ ਪੁਰਸਕਾਰ ਦੇਣਾ ਪਿੜ ਦੀ ਪ੍ਰਬੰਧਕੀ ਟੀਮ ਆਪਣੀ ਖੁਸ਼ਕਿਸਮਤੀ ਸਮਝਦੀ ਹੈ। ਜਾਂ ( ਯਾਦਗਾਰੀ ਪੁਰਸਕਾਰ ਦੇ ਕੇ ਮਾਣ ਮਹਿਸੂਸ ਕਰੇਗੀ) ਪੰਜਾਬ ਦੇ ਸਭਿਆਚਾਰ ਦਾ ਪਹਿਰੇਦਾਰ- ਸ ਪ੍ਰੀਤ ਕੋਹਲੀ ਨੇ ਪੰਜਾਬੀ ਮਾਂ ਬੋਲੀ, ਸੱਭਿਆਚਾਰ ਵਿਰਸੇ ਨੂੰ ਰੂਹ ਦੀ ਖੁਰਾਕ ,ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ ਬਚਾਉਣ ਲਈ ਰਾਤ ਦਿਨ ਇਕ ਕੀਤੀ ਹੋਈ ਹੈ। ਨਵੀਂ ਪੀੜ੍ਹੀ ਨੂੰ ਸੱਭਿਆਚਾਰ ਨਾਲ ਜੋੜ ਕੇ ਲੋਕਾਂ ਦੇ ਸਨਮੁੱਖ ਕਰਨ ਵਾਲਾ ਇੱਕ ਵੱਡਾ ਚਿਹਰਾ ਸ ਪ੍ਰੀਤ ਕੋਹਲੀ ਜੀ ਨੂੰ ਪੰਜਾਬੀ ਸੱਭਿਆਚਾਰ ਨੂੰ ਤਹਿ ਦਿਲੋਂ ਸਾਂਭਣ ਦੇ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ 'ਸੱਭਿਆਚਾਰ ਦਾ ਸੂਬੇਦਾਰ' ਸਵ: ਭਾਗ ਸਿੰਘ ਯਾਦਗਾਰੀ ਪੁਰਸਕਾਰ ਦੇ ਕੇ ਪਿੜ ਦੀ ਸ਼ਿੰਗਾਰ ਕਮੇਟੀ ਉਹਨਾਂ ਦਾ ਸਨਮਾਨ ਕਰ ਕੇ ਆਪ ਨੂੰ ਬਹੁਤ ਨਿਰਾਲਾ ਸਮਝੇਗਾ।ਪੰਜਾਬੀ ਮਾਂ ਬੋਲੀ ਦੀ ਕਿੱਲਕਾਰੀ ਅਤੇ ਮਿੱਠੜਾ ਬੋਲ ਸ੍ਰੀਮਤੀ ਨਵਜੋਤ ਕੌਰ ਲੋਕ ਬੋਲੀ ਨੂੰ ਸਾਫ-ਸੁਥਰੇ ਢੰਗ ਨਾਲ ਮੰਚ ਦੀ ਪੇਸ਼ ਕਰਨ ਵਾਲੀ ਸੱਚੀ-ਸੁੱਚੀ ਮੂਰਤ ਹੈ।ਕਈ ਦਹਾਕਿਆਂ ਤੋਂ ਪੰਜਾਬੀ ਮੰਚ ਸੰਚਾਲਕਾ ਦੀ ਭੂਮਿਕਾ ਨਾਲ ਜੁੜੀ ਹੋਈ ਮੇਹਰਬਾਨ ਹਸਤੀ ਨਵਜੋਤ ਕੌਰ ਜੀ ਨੂੰ ਉਹਨਾਂ ਦੀਆਂ ਮੰਚ ਸੰਚਾਰਕਾ ਦੇ ਖੇਤਰ ਵਿੱਚ ਸਲਾਹੁਣਯੋਗ ਪ੍ਰਾਪਤੀਆਂ ਅਤੇ ਜੀਵਨ ਦੇ ਵੱਖ ਵੱਖ ਖੇਤਰਾਂ ਵਿੱਚ ਪਾਏ ਵਿਲੱਖਣ ਯੋਗਦਾਨ ਲਈ ਸ੍ਰੀਮਤੀ ਨਵਜੋਤ ਕੌਰ ਨੂੰ 'ਮੰਚ ਦਾ ਸ਼ਿੰਗਾਰ' ਸਵ: ਬੀਬੀ ਸਤਿੰਦਰ ਕੌਰ ਯਾਦਗਾਰੀ ਪੁਰਸਕਾਰ ਸਤਿਕਾਰਿਆ ਜਾਵੇਗਾ।ਉਹਨਾਂ ਨੂੰ ਚਾਵਾ ਨਾਲ ਸਨਮਾਨਿਤ ਕਰ ਕੇ ਪਿੜ ਦਾ ਵੰਸ਼ ਬਹੁਤ ਖੁਸ਼ੀ ਮਾਣੇਗਾ। ਪੰਜਾਬੀ ਲੋਕ-ਸਾਹਿਤ ਦਾ ਖੋਜਕਾਰ ਸ੍ਰੀ ਨੱਕਾਸ਼ ਚਿੱਤੇਵਾਣੀ ਪੰਜਾਬ, ਪੰਜਾਬੀ, ਪੰਜਾਬੀਅਤ, ਸੁਹਿਰਦਤਾ, ਫਕੀਰੀ, ਇਮਾਨਦਾਰੀ ਅਤੇ ਲਿਆਕਤ ਸ਼ਬਦਾਂ ਨੂੰ ਜੋੜ ਕੇ ਜੇ ਕੋਈ ਇਕ ਨਾਂ ਬਣਾਉਣਾ ਹੋਵੇ ਤਾਂ ਉਹ ਨਾਂ ਬਣਦਾ ਹੈ,ਸ੍ਰੀ ਨੱਕਾਸ਼ ਚਿੱਤੇਵਾਣੀ ਪੰਜਾਬੀ ਲਿਖਾਰੀ ਵੱਜੋਂ ਇੱਕ ਅਜਿਹੇ ਸਿਆਹੀ ਦਾ ਟੋਬਾ ਹੈ।ਜਿਸ ਬਾਰੇ ਜਿਨ੍ਹਾਂ ਵੀ ਲਿਖ ਲਈਏ ਉਹਨਾਂ ਹੀ ਥੋੜਾ ਹੈ,ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਉਸ ਦਾ ਬਣਦਾ ਹੱਕ ਦਿਵਾਉਣ ਵਾਲੇ ਅਣਥੱਕ ਕਾਮੇ ਹਨ।

ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੀ ਪਹਿਚਾਣ ਸਥਾਪਤ ਕਰਨ ਵਾਲੀ ਅਤੇ ਲੋਕ ਨੀਤੀਆਂ ਦੇ ਖੇਤਰ ਵਿਚ ਅਸਲੋਂ ਨਵੀਆਂ ਲੀਹਾਂ ਪਾਉਣ ਵਾਲੀ ਇਕ ਸਦਾ ਸਰਗਰਮ, ਬੇਬਾਕ ਅਤੇ ਜ਼ਿੰਦਾਦਿਲ ਹਸਤੀ ਚਿੱਤੇਵਾਣੀ ਜੀ ਨੂੰ ਸਾਹਿਤ ਦੇ ਖੇਤਰ ਵਿੱਚ ਸਲਾਹੁਣਯੋਗ ਪ੍ਰਾਪਤੀਆਂ ਲਈ 'ਪੰਜਾਬੀ ਮਾਂ ਬੋਲੀ ਦਾ ਪਟਵਾਰੀ' ਸਵ: ਵਰਿੰਦਰ ਸਹੋਤਾ ਯਾਦਗਾਰੀ ਪੁਰਸਕਾਰ ਨਾਲ ਨਿਵਾਜਿਆ ਜਾਵੇਗਾ। ਲੋਕ ਸੱਭਿਆਚਾਰਕ ਪਿੜ ਗੁਰਦਾਸਪੁਰ ਦਾ ਪੂਰਾ ਕੁਨਬਾ ਸਨਮਾਨ ਕਰ ਕੇ ਫ਼ਕਰ ਮਾਣੇਗਾ। ਪੰਜਾਬ ਦੇ ਲੋਕ ਨਾਚ ਭੰਗੜੇ ਨੂੰ ਇੱਕ ਨਵੀਂ ਦਿਸ਼ਾ ਪ੍ਰਦਾਨ ਕਰਨ ਵਾਲਾ ਰਾਜਬੀਰ ਸਿੰਘ ਪਿੱਛਲੇ ਕਾਫ਼ੀ ਸਮੇ ਤੋਂ ਲੋਕ ਨਾਚਾਂ ਦੀ ਸੇਵਾ ਨਿਭਾ ਰਹੇ ਹਨ ਅਤੇ ਪੰਜਾਬੀ ਸੱਭਿਆਚਾਰ ਨੂੰ ਨਵੀਆਂ ਬੁਲੰਦੀਆਂ ਤੇ ਪਹੁੰਚਾ ਰਹੇ ਕੇ, ਭੰਗੜੇ ਦੇ ਖੇਤਰ ਦੀ ਦਿੱਗਜ ਸ਼ਖਸੀਅਤ ਸਾਡੇ ਵੱਡੇ ਲੋਕ ਨਾਚ ਭੰਗੜੇ ਦੀ ਤੁਰਲੇ ਦੀ ਫੱਬ ਸ. ਰਾਜਬੀਰ ਸਿੰਘ ਟਾਡਾ ਉਹਨਾਂ ਦਾ ਪੰਜਾਬੀ ਲੋਕ ਨਾਚ ਭੰਗੜੇ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ 'ਭੰਗੜੇ ਦਾ ਲੰਬੜਦਾਰ' ਸਵ: ਗੁਰਪ੍ਰੀਤ ਸਿੰਘ ਚਾਹਲ ਯਾਦਗਾਰੀ ਪੁਰਸਕਾਰ ਦੇ ਕੇ ਨਵਾਜਿਆ ਜਾਵੇਗਾ। ਪਿੜ ਦਾ ਖਾਨਦਾਨ ਉਨ੍ਹਾਂ ਨੂੰ ਇਹ ਐਵਾਰਡ ਦੇ ਕੇ ਆਪਣੇ ਆਪ ਨੂੰ ਵੱਡਭਾਗਾ ਸਮਝੇਗਾ।

ਇਹਨਾਂ ਹਸਤੀਆ ਨੂੰ ਪੁਰਸਕਾਰ ਵਿੱਚ ਕੈਂਠਾ,ਸਨਮਾਨ ਪੱਤਰ, ਦੁਸ਼ਾਲਾ ਅਤੇ ਪਿੜ ਦੀ ਨਿਸ਼ਾਨੀ ਟਰਾਫੀ ਨਾਲ ਨਿਵਾਜਿਆ ਜਾਵੇਗਾ। ਇਨਾਂ ਹਸਤੀਆਂ ਨੂੰ ਪੁਰਸਕਾਰ ਦੇ ਕੇ ਸਨਮਾਨ ਦੀ ਸ਼ੋਭਾ ਵਧੇਗੀ ਅਤੇ ਅਤੇ ਪਿੜ ਪਰਿਵਾਰ ਦਾ ਵੀ ਸਿਰ ਫਕਰ ਨਾਲ ਉੱਚਾ ਹੋਵੇਗਾ।

# ਲੋਕਾਂ ਦੀ ਮੰਗ ਤੇ ਸਹੂਲਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਨੇ ਗੁਰਦਾਸਪੁਰ ਸ਼ਹਿਰ ਦੇ ਬਜ਼ਾਰਾਂ ਵਿਚੋਂ ਨਜਾਇਜ਼ ਕਬਜ਼ੇ ਹਟਾਏ



ਗੁਰਦਾਸਪੁਰ-ਨਵਨੀਤ ਕੁਮਾਰ -
ਲੋਕਾਂ ਦੀ ਮੰਗ ਅਤੇ ਸਹੂਲਤ ਨੂੰ ਦੇਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਸਵੇਰੇ ਇੱਕ ਵਿਸ਼ੇਸ਼ ਮੁਹਿੰਮ ਚਲਾ ਕੇ ਗੁਰਦਾਸਪੁਰ ਸ਼ਹਿਰ ਦੇ ਬਜ਼ਾਰਾਂ ਵਿੱਚ ਦੁਕਾਨਦਾਰਾਂ ਵੱਲੋਂ ਕੀਤੇ ਗਏ ਨਜਾਇਜ਼ ਕਬਜ਼ਿਆਂ ਨੂੰ ਹਟਾਇਆ ਗਿਆ। ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਹਰਜਿੰਦਰ ਸਿੰਘ ਬੇਦੀ ਦੀ ਅਗਵਾਈ ਹੇਠ ਨਗਰ ਕੌਂਸਲ ਗੁਰਦਾਸਪੁਰ ਦੇ ਈ.ਓ. ਭੁਪਿੰਦਰ ਸਿੰਘ ਅਤੇ ਕੌਂਸਲ ਦੀ ਟੀਮ ਵੱਲੋਂ ਅੱਜ ਸਵੇਰੇ ਤੜਕੇ ਮੱਛੀ ਮਾਰਕਿਟ, ਬਾਟਾ ਚੌਂਕ, ਜੇਲ੍ਹ ਰੋਡ, ਡਾਕਖ਼ਾਨਾ ਚੌਂਕ ਤੋਂ ਜਹਾਜ਼ ਚੌਂਕ ਤੱਕ ਬਜ਼ਾਰਾਂ ਵਿੱਚ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਦੀ ਕਾਰਵਾਈ ਕੀਤੀ ਗਈ। ਨਗਰ ਕੌਂਸਲ ਦੀ ਟੀਮ ਵੱਲੋਂ ਨਜਾਇਜ਼ ਕਬਜ਼ੇ ਹਟਾਉਣ ਦੀ ਕਾਰਵਾਈ ਦੌਰਾਨ ਦੁਕਾਨਾਂ ਦੇ ਅੱਗੇ ਨਜਾਇਜ਼ ਪਾਏ ਵਾਧੇ ਅਤੇ ਰੋਕਾਂ ਨੂੰ ਹਟਾਇਆ ਗਿਆ।

ਗੁਰਦਾਸਪੁਰ ਸ਼ਹਿਰ ਦੇ ਬਜ਼ਾਰਾਂ ਵਿਚੋਂ ਨਜਾਇਜ਼ ਕਬਜ਼ੇ ਹਟਾਉਣ ਦੀ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਹ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ ਕਿ ਸ਼ਹਿਰ ਦੇ ਬਜ਼ਾਰਾਂ ਵਿੱਚ ਕੁਝ ਦੁਕਾਨਦਾਰਾਂ ਵੱਲੋਂ ਨਜਾਇਜ਼ ਕਬਜ਼ੇ ਕਰਨ ਕਰਕੇ ਬਜ਼ਾਰ ਬੇਹੱਦ ਭੀੜੇ ਹੋ ਗਏ ਹਨ ਅਤੇ ਲੋਕਾਂ ਦਾ ਓਥੋਂ ਲੰਘਣਾ ਬਹੁਤ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਨਜਾਇਜ਼ ਕਬਜ਼ਿਆਂ ਕਾਰਨ ਅਕਸਰ ਹੀ ਬਜ਼ਾਰਾਂ ਵਿੱਚ ਟਰੈਫ਼ਿਕ ਜਾਮ ਲੱਗੇ ਰਹਿੰਦੇ ਹਨ ਅਤੇ ਸਕੂਲੀ ਬੱਚਿਆਂ ਅਤੇ ਕਈ ਵਾਰ ਐਂਬੂਲੈਂਸ ਵੀ ਇਸ ਜਾਮ ਵਿੱਚ ਫਸ ਜਾਂਦੀਆਂ ਸਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਮੰਗ ਅਤੇ ਸਹੂਲਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਨਜਾਇਜ਼ ਕਬਜ਼ੇ ਹਟਾਉਣ ਦੀ ਕਾਰਵਾਈ ਕੀਤੀ ਗਈ ਹੈ। ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਤੋਂ ਪਹਿਲਾਂ ਦੁਕਾਨਦਾਰਾਂ ਨੂੰ ਕਈ ਵਾਰ ਬੇਨਤੀ ਕੀਤੀ ਗਈ ਸੀ ਕਿ ਉਹ ਖ਼ੁਦ ਹੀ ਆਪਣੀਆਂ ਦੁਕਾਨਾਂ ਅੱਗੋਂ ਨਜਾਇਜ਼ ਕਬਜ਼ੇ ਹਟਾ ਲੈਣ। ਉਨ੍ਹਾਂ ਕਿਹਾ ਕਿ ਕੁਝ ਦੁਕਾਨਦਾਰਾਂ ਨੇ ਆਪਣੀ ਜ਼ਿੰਮੇਵਾਰੀ ਸਮਝਦਿਆਂ ਕਬਜ਼ੇ ਹਟਾਏ ਵੀ ਸਨ ਪਰ ਫਿਰ ਵੀ ਕੁਝ ਅਜਿਹੇ ਦੁਕਾਨਦਾਰ ਸਨ ਜੋ ਵਾਰ-ਵਾਰ ਅਪੀਲ ਕਰਨ ਦੇ ਬਾਵਜੂਦ ਵੀ ਆਪਣੇ ਕਬਜ਼ੇ ਨਹੀਂ ਹਟਾ ਰਹੇ ਸਨ। ਉਨ੍ਹਾਂ ਕਿਹਾ ਕਿ ਆਖ਼ਰ ਲੋਕ ਹਿਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਨੂੰ ਕਬਜ਼ੇ ਹਟਾਉਣ ਦੀ ਇਹ ਕਾਰਵਾਈ ਕਰਨੀ ਪਈ ਹੈ। ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਬਜ਼ਾਰਾਂ ਵਿਚੋਂ ਨਜਾਇਜ਼ ਕਬਜ਼ੇ ਹਟਣ ਨਾਲ ਜਿੱਥੇ ਬਜ਼ਾਰਾਂ ਦੀ ਖ਼ੂਬਸੂਰਤੀ ਵਧੇਗੀ ਓਥੇ ਟਰੈਫ਼ਿਕ ਜਾਮ ਨਾ ਲੱਗਣ ਕਾਰਨ ਦੁਕਾਨਦਾਰਾਂ ਦੀ ਗ੍ਰਾਹਕੀ ਵਿੱਚ ਵੀ ਵਾਧਾ ਹੋਵੇਗਾ। ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜ਼ਿੰਮੇਵਾਰ ਨਾਗਰਿਕ ਬਣਦੇ ਹੋਏ ਖ਼ੁਦ ਹੀ ਆਪਣੀਆਂ ਦੁਕਾਨਾਂ ਅੱਗੋਂ ਨਜਾਇਜ਼ ਕਬਜ਼ੇ ਹਟਾ ਲੈਣ। ਉਨ੍ਹਾਂ ਕਿਹਾ ਕਿ ਵਾਰ-ਵਾਰ ਅਪੀਲਾਂ ਦੇ ਬਾਵਜੂਦ ਵੀ ਜੇਕਰ ਕੋਈ ਦੁਕਾਨਦਾਰ ਨਜਾਇਜ਼ ਕਬਜ਼ਾ ਨਹੀਂ ਹਟਾਏਗਾ ਤਾਂ ਪ੍ਰਸ਼ਾਸਨ ਵੱਲੋਂ ਸਖ਼ਤ ਕਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਜਾਇਜ਼ ਕਬਜ਼ੇ ਹਟਾਉਣ ਦੀ ਇਹ ਮੁਹਿੰਮ ਭਵਿੱਖ ਵਿੱਚ ਵੀ ਜਾਰੀ ਰਹੇਗੀ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰਦਾਸਪੁਰ ਸ਼ਹਿਰ ਤੋਂ ਇਲਾਵਾ ਜ਼ਿਲ੍ਹੇ ਦੇ ਹੋਰ ਸ਼ਹਿਰਾਂ ਬਟਾਲਾ, ਕਾਦੀਆਂ, ਡੇਰਾ ਬਾਬਾ ਨਾਨਕ, ਫ਼ਤਿਹਗੜ੍ਹ ਚੂੜੀਆਂ, ਦੀਨਾਨਗਰ, ਧਾਰੀਵਾਲ, ਸ੍ਰੀ ਹਰਗੋਬਿੰਦਪੁਰ ਵਿਖੇ ਵੀ ਨਜਾਇਜ਼ ਕਬਜ਼ੇ ਹਟਾਉਣ ਦੀ ਮੁਹਿੰਮ ਚਲਾਈ ਜਾਵੇਗੀ। ਇਸੇ ਦੌਰਾਨ ਗੁਰਦਾਸਪੁਰ ਸ਼ਹਿਰ ਦੇ ਆਮ ਸ਼ਹਿਰੀਆਂ ਅਤੇ ਵੱਖ-ਵੱਖ ਵਰਗਾਂ ਨਾਲ ਸਬੰਧਿਤ ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਜਾਇਜ਼ ਕਬਜ਼ੇ ਹਟਾਉਣ ਦੀ ਮੁਹਿੰਮ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਬਜ਼ਾਰਾਂ ਵਿਚੋਂ ਨਜਾਇਜ਼ ਕਬਜ਼ੇ ਹਟਣ ਨਾਲ ਜਿੱਥੇ ਟਰੈਫ਼ਿਕ ਸੁਚਾਰੂ ਢੰਗ ਨਾਲ ਚੱਲੇਗੀ ਓਥੇ ਸ਼ਹਿਰ ਦੀ ਸਫ਼ਾਈ ਤੇ ਖ਼ੂਬਸੂਰਤੀ ਵਿੱਚ ਵੀ ਵਾਧਾ ਹੋਵੇਗਾ।

# ਗੁਰਦਾਸਪੁਰ ਸ਼ਹਿਰ ਵਿੱਚ ਟਰੈਫ਼ਿਕ ਸਮੱਸਿਆ ਦੇ ਹੱਲ ਲਈ ਟਰਾਂਸਪੋਰਟ ਵਿਭਾਗ ਤੇ ਟਰੈਫ਼ਿਕ ਪੁਲਿਸ ਨੇ ਸਾਂਝਾ ਅਭਿਆਨ ਸ਼ੁਰੂ ਕੀਤਾ



ਗੁਰਦਾਸਪੁਰ-ਨਵਨੀਤ ਕੁਮਾਰ - ਗੁਰਦਾਸਪੁਰ ਸ਼ਹਿਰ ਵਿੱਚ ਟਰੈਫ਼ਿਕ ਸਮੱਸਿਆ ਦੇ ਹੱਲ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਹਨ। ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਹਰਜਿੰਦਰ ਸਿੰਘ ਬੇਦੀ ਦੀਆਂ ਹਦਾਇਤਾਂ ਤਹਿਤ ਅੱਜ ਟਰਾਂਸਪੋਰਟ ਵਿਭਾਗ ਅਤੇ ਟਰੈਫ਼ਿਕ ਪੁਲਿਸ ਵੱਲੋਂ ਸਾਂਝੇ ਤੌਰ ਸ਼ਹਿਰ ਵਿੱਚ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਗ਼ਲਤ ਪਾਰਕ ਗੱਡੀਆਂ ਦੇ ਚਲਾਨ ਕੀਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਰ.ਟੀ.ਏ. ਗੁਰਦਾਸਪੁਰ ਸ੍ਰੀ ਦਵਿੰਦਰ ਕੁਮਾਰ ਨੇ ਦੱਸਿਆ ਕਿ ਅੱਜ ਟਰਾਂਸਪੋਰਟ ਵਿਭਾਗ ਅਤੇ ਟਰੈਫ਼ਿਕ ਪੁਲਿਸ ਵੱਲੋਂ ਸਾਂਝੇ ਚੈਕਿੰਗ ਅਭਿਆਨ ਦੌਰਾਨ ਗੁਰਦਾਸਪੁਰ ਸ਼ਹਿਰ ਵਿੱਚ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਗ਼ਲਤ ਪਾਰਕਿੰਗ ਕਰਨ ਅਤੇ ਹੋਰ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਕਰਕੇ 12 ਵਾਹਨਾਂ ਦੇ ਚਲਾਨ ਕੀਤੇ ਗਏ। ਉਨ੍ਹਾਂ ਕਿਹਾ ਕਿ ਵਾਹਨ ਚਾਲਕਾਂ ਲਈ ਆਵਾਜਾਈ ਨਿਯਮਾਂ ਦੀ ਪਾਲਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵਾਹਨਾਂ ਦੀ ਪਾਰਕਿੰਗ ਸਿਰਫ਼ ਨਿਰਧਾਰਿਤ ਥਾਂ ਤੇ ਹੀ ਕਰਨੀ ਚਾਹੀਦੀ ਹੈ ਅਤੇ ਬਜ਼ਾਰਾਂ ਵਿੱਚ ਜਾਂ ਸੜਕਾਂ ਕਿਨਾਰੇ ਗੱਡੀਆਂ ਪਾਰਕ ਨਹੀਂ ਕਰਨੀਆਂ ਚਾਹੀਦੀਆਂ। ਉਨ੍ਹਾਂ ਕਿਹਾ ਕਿ ਅਜਿਹਾ ਹੋਣ ਨਾਲ ਜਿੱਥੇ ਟਰੈਫ਼ਿਕ ਜਾਮ ਲੱਗਦੇ ਹਨ ਓਥੇ ਕਈ ਵਾਰ ਸੜਕ ਹਾਦਸੇ ਵੀ ਵਾਪਰ ਜਾਂਦੇ ਹਨ। ਆਰ.ਟੀ.ਏ. ਸ੍ਰੀ ਦਵਿੰਦਰ ਕੁਮਾਰ ਨੇ ਕਿਹਾ ਕਿ ਟਰਾਂਸਪੋਰਟ ਵਿਭਾਗ ਵੱਲੋਂ ਟਰੈਫ਼ਿਕ ਪੁਲਿਸ ਨਾਲ ਮਿਲ ਕੇ ਇਹ ਮੁਹਿੰਮ ਜਾਰੀ ਰਹੇਗੀ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਸ਼ਹਿਰ ਦੇ ਬਜ਼ਾਰਾਂ ਅਤੇ ਸੜਕਾਂ ਉੱਪਰ ਗ਼ਲਤ ਪਾਰਕਿੰਗ ਨਾਲ ਲੋਕਾਂ ਨੂੰ ਕੋਈ ਸਮੱਸਿਆ ਨਾ ਆਵੇ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਵਾਹਨ ਚਲਾਉਂਦੇ ਸਮੇਂ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੇ ਵਾਹਨ ਨਿਰਧਾਰਿਤ ਥਾਵਾਂ ਉੱਪਰ ਹੀ ਪਾਰਕ ਕਰਨ।

# ਕਮਿਸ਼ਨ ਦੇ ਮੈਂਬਰ ਵਲੋਂ ਆਂਗਣਵਾੜੀ ਕੇਂਦਰਾਂ ਦੇ ਅਚਨਚੇਤ ਜਾਂਚ

## ☛ ਬੱਚਿਆਂ ਨੂੰ ਦਿੱਤੇ ਜਾਂਦੇ ਖਾਣੇ ਦਾ ਲਿਆ ਜਾਇਜ਼ਾ

ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ ਅੱਜ ਜਿਲਾ ਕਪੂਰਥਲਾ ਦੇ ਬਲਾਕ ਫਗਵਾੜਾ ਦੇ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਨੈਸ਼ਨਲ ਫੂਡ ਸਿਕਿਉਰਟੀ ਐਕਟ ਦੇ ਤਹਿਤ ਚਲ ਰਹੀਆਂ ਲਾਭਕਾਰੀ ਯੋਜਨਾਵਾਂ ਦਾ ਜਾਇਜ਼ਾ ਲਿਆ ਅਤੇ ਉਨ੍ਹਾਂ ਨੂੰ ਹੋਰ ਅਸਰਦਾਰ ਢੰਗ ਨਾਲ ਲਾਗੂ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ।

ਜਾਇਜ਼ੇ ਦੌਰਾਨ ਇਹ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹੁਸ਼ਿਆਰਪੁਰ ਚੌਂਕ ਫਗਵਾੜਾ ਵਿੱਚ ਖਾਣੇ ਵਿੱਚ ਕੁਝ ਤਰੁੱਟੀਆਂ ਪਾਈਆਂ ਗਈਆਂ ਜਿਸ ਸਬੰਧੀ ਫੂਡ ਕਮਿਸ਼ਨਰ ਵਲੋਂ ਜਿਲਾ ਸ਼ਿਕਾਇਤ ਨਿਵਾਰਣ ਅਧਿਕਾਰੀ ਅਤੇ ਏ.ਡੀ.ਸੀ.(ਡੀ) ਨੂੰ ਨੋਟਿਸ ਜਾਰੀ ਕਰ ਕੇ ਜਵਾਬ ਤਲਬ ਕਰਨ ਅਤੇ ਉਚਿਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ।

ਵਿਜੇ ਦੱਤ ਨੇ ਜਿਲੇ ਦੇ ਸਾਰੇ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਵਿੱਚ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਹੈਲਪਲਾਈਨ ਨੰਬਰ (9876764545) ਦਾ ਪ੍ਰਚਾਰ-ਪ੍ਰਸਾਰ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਕਿਹਾ ਕਿ ਜੇ ਕਿਸੇ ਲਾਭਾਰਥੀ ਨੂੰ ਨੈਸ਼ਨਲ ਫੂਡ ਸਿਕਿਉਰਟੀ ਐਕਟ ਨਾਲ ਸੰਬੰਧਿਤ ਕੋਈ ਸ਼ਿਕਾਇਤ ਹੋਵੇ, ਤਾਂ ਉਹ ਇਸ ਹੈਲਪਲਾਈਨ ਨੰਬਰ ਤੇ ਆਪਣੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ।

ਜਾਂਚ ਦੌਰਾਨ ਉਨ੍ਹਾਂ ਨੇ ਸਕੂਲਾਂ ਵਿੱਚ ਮਿੱਡ-ਡੇ ਮੀਲ ਦੇ ਖਾਣੇ ਦੀ ਜਾਂਚ ਰਜਿਸਟਰ ਨੂੰ ਸਹੀ ਤਰੀਕੇ ਨਾਲ ਰੱਖਣ, ਬੱਚਿਆਂ ਨੂੰ ਸਵੱਛ ਅਤੇ ਪੌਸ਼ਟਿਕ ਭੋਜਨ ਪ੍ਰਦਾਨ ਕਰਨ, ਅਤੇ ਖਾਣੇ ਦੀ ਪ੍ਰਕਿਰਿਆ ਵਿੱਚ ਸਾਫ਼ ਸਫਾਈ ਦਾ ਧਿਆਨ ਰੱਖਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਨੇ ਸਕੂਲ ਦੇ ਬੱਚਿਆਂ ਨਾਲ ਮਿੱਡ-ਡੇ ਮੀਲ ਦੇ ਬਾਰੇ ਗੱਲ ਕੀਤੀ ਅਤੇ ਖੁਦ ਵੀ ਬੱਚਿਆਂ ਨਾਲ ਖਾਣਾ ਖਾਧਾ।

ਉਨ੍ਹਾਂ ਨੇ ਸੰਬੰਧਤ ਵਿਭਾਗ ਨੂੰ ਨਿਰਦੇਸ਼ ਦਿੱਤਾ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਸਿਹਤ ਦੀ ਨਿਯਮਤ ਜਾਂਚ ਅਤੇ ਮਿੱਡ-ਡੇ ਮੀਲ ਵਰਕਰਾਂ ਦੇ ਮੈਡੀਕਲ ਚੈੱਕਅਪ ਦੀ ਵਿਵਸਥਾ ਕੀਤੀ ਜਾਵੇ।





# ਸਿਵਲ ਸਰਜਨ ਨੇ ਸੀ.ਬੀ.ਨੈਟ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ




ਫ਼ਗਵਾੜਾ (ਸੁਸ਼ੀਲ ਸ਼ਰਮਾ) ਟੀਬੀ ਮੁਕਤ ਭਾਰਤ ਅਭਿਆਨ ਤਹਿਤ ਚਲ ਰਹੀ 100 ਦਿਨਾਂ ਟੀ.ਬੀ. ਖ਼ਾਤਮਾ ਮੁਹਿੰਮ ਤਹਿਤ ਅੱਜ ਸੀ.ਬੀ.ਨੈਟ ਵੈਨ ਨੂੰ ਹਰੀ ਝੰਡੀ ਦੇ ਕੇ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਵੱਲੋਂ ਰਵਾਨਾ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ.ਰਿਚਾ ਭਾਟੀਆ ਨੇ ਦੱਸਿਆ ਕਿ ਸੀ.ਬੀ.ਨੈਟ ਅਤੇ ਪੋਰਤੇਬਲ ਐਕਸ ਰੇ ਮਸ਼ੀਨ ਨਾਲ ਲੈਸ ਉਕਤ ਵੈਨ ਨੂੰ ਚਲਾਉਣ ਪਿਛੇ ਸਰਕਾਰ ਦਾ ਇਕੋ ਇਕ ਮਨੋਰਥ ਇਹ ਹੈ ਕਿ ਟੀਬੀ ਪ੍ਰਤੀ ਲੋਕਾਂ ਦੀ ਗਲਤ ਧਾਰਨਾਵਾਂ ਨੂੰ ਦੂਰ ਕਰਨਾ ਤੇ ਟੀ. ਬੀ.ਦੀ ਸ਼ੁਰੂਆਤ ਵਿਚ ਹੀ ਸ਼ੱਕੀ ਮਰੀਜ਼ਾਂ ਦੀ ਜਾਂਚ ਕਰਕੇ ਇਸ ਨੂੰ ਫੈਲਣ ਤੋਂ ਰੋਕਣਾ ਤਾਂ ਕਿ ਕੋਈ ਹੋਰ ਵਿਅਕਤੀ ਨੂੰ ਇਸ ਦੀ ਲਪੇਟ ਵਿਚ ਆਉਣ ਤੋ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਮਸ਼ੀਨ ਨਾਲ ਕੀਤੀ ਗਈ ਜਾਂਚ ਨਾਲ ਮਰੀਜ਼ ਦੀ ਬਿਮਾਰੀ ਦਾ ਸ਼ੁਰੂਆਤੀ ਸਟੇਜ ਵਿਚ ਹੀ ਪਤਾ ਲੱਗ ਜਾਵੇਗਾ ਅਤੇ ਸਮੇਂ ਰਹਿੰਦਿਆਂ ਉਸ ਮਰੀਜ਼ ਦਾ ਇਲਾਜ ਹੋਣ ਨਾਲ,ਉਸ ਦੀ ਜਾਨ ਬਚਣ ਦੀ ਸੰਭਾਵਨਾ ਵਧ ਜਾਂਦੀ ਹੈ। ਸਿਵਲ ਸਰਜਨ ਡਾ ਰਿਚਾ ਭਾਟੀਆ ਨੇ ਦੱਸਿਆ ਕਿ ਇਹ ਵੈਨ ਚਲਦੀ ਫਿਰਦੀ ਲੈਬੋਰਟਰੀ ਹੈ। ਇਹ ਵੈਨ ਜ਼ਿਲੇ ਦੇ ਵੱਖ-ਵੱਖ ਏਰੀਆ ਚ ਜਾ ਕੇ ਲੋਕਾਂ ਦੇ ਟੀ.ਬੀ ਦੇ ਟੈਸਟ ਕਰੇਗੀ। ਇਸ ਮੌਕੇ ਜਿਲਾ ਪਰਿਵਾਰ ਭਲਾਈ ਅਫ਼ਸਰ ਡਾ.ਅਸ਼ੋਕ ਕੁਮਾਰ,ਜ਼ਿਲ੍ਹਾ ਟੀਬੀ ਅਫ਼ਸਰ ਮੀਨਾਕਸ਼ੀ,ਡੀ.ਐਚ.ਓ.ਡਾ. ਰਾਜੀਵ ਪ੍ਰਾਸ਼ਰ ਡੀ.ਆਈ. ਓ.ਰਣਦੀਪ ਸਿੰਘ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ,ਸੁਪਰਡੈਂਟ ਰਾਮ ਅਵਤਾਰ, ਜਯੋਤੀ ਆਨੰਦ,ਰਵਿੰਦਰ ਜੱਸਲ,ਪੰਕਜ ਵਾਲੀਆਂ,ਪ੍ਰਿਯੰਕਾ,ਅਵਤਾਰ ਗਿੱਲ ਤੇ ਹੋਰ ਹਾਜ਼ਰ ਸਨ।

# ਪਿੰਡ ਖਾਟੀ 'ਚ ਚੱਲ ਰਹੀ ਹੱਡਾ ਰੋੜੀ ਬੰਦ ਕਰਵਾਉਣ ਲਈ ਪੰਚਾਇਤਾਂ ਨੇ ਦਿੱਤਾ ਐਸ.ਡੀ.ਐਮ. ਦੇ ਨਾਂ ਮੰਗ ਪੱਤਰ

ਫਗਵਾੜਾ ( ਸੁਸ਼ੀਲ ਸ਼ਰਮਾ ) ਪਿੰਡ ਖਾਟੀ ਅਤੇ ਨੇੜਲੇ ਪਿੰਡਾਂ ਦੀਆਂ ਅਨੇਕਾਂ ਪੰਚਾਇਤਾਂ ਦਾ ਇਕ ਵਫਦ ਅੱਜ ਤਹਿਸੀਲਦਾਰ ਬਲਜਿੰਦਰ ਸਿੰਘ ਨੂੰ ਮਿਲਿਆ। ਇਸ ਦੌਰਾਨ ਪੰਚਾਇਤਾਂ ਵਲੋਂ ਪਿੰਡ ਖਾਟੀ ਦੇ ਨਜਦੀਕ ਚਲ ਰਹੀ ਹੱਡਾ ਰੋੜੀ ਨੂੰ ਬੰਦ ਕਰਵਾਉਣ ਲਈ ਐਸ.ਡੀ.ਐਮ. ਫਗਵਾੜਾ ਦੇ ਨਾਂ ਇਕ ਮੰਗ ਪੱਤਰ ਦਿੱਤਾ। ਇਸ ਮੌਕੇ ਗੱਲਬਾਤ ਕਰਦਿਆਂ ਰੁਪਿੰਦਰ ਸਿੰਘ ਗਿਲਕੋ ਕੰਪਨੀ, ਜਸਪ੍ਰੀਤ ਜੱਸਲ ਸਰਪੰਚ ਖਾਟੀ, ਕਸ਼ਮੀਰ ਸਿੰਘ ਨੰਬਰਦਾਰ, ਸਰਬਜੀਤ ਸਿੰਘ ਸਰਪੰਚ ਖੁਰਮਪੁਰ ਅਤੇ ਜੱਥੇਦਾਰ ਜੋਗਾ ਸਿੰਘ ਢੱਡਾ ਨੇ ਦੱਸਿਆ ਕਿ ਇਸ ਹੱਡਾ ਰੋੜੀ ਲਈ ਪਿੰਡ ਵਾਸੀਆਂ ਤੋਂ ਐਨ.ਓ.ਸੀ. ਨਹੀਂ ਲਈ ਗਈ ਹੈ। ਹੱਡਾ ਰੋੜੀ ਦੇ ਨਜਦੀਕ ਭਗਵਾਨ ਪਰਸ਼ੂਰਾਮ ਜੀ ਦਾ ਤੱਪ ਅਸਥਾਨ ਖਾਟੀ ਧਾਮ ਅਤੇ ਪਿੰਡ ਦਾ ਗੁਰਦੁਆਰਾ ਅਤੇ ਗੁਰੂ ਹਰਗੋਬਿੰਦ ਗੁਰਦੁਆਰਾ ਸਾਹਿਬ ਭੋਗਪੁਰ ਅਤੇ ਜੀ.ਐਨ.ਏ. ਯੁਨੀਵਰਸਿਟੀ ਆਦਿ ਸਥਿਤ



ਹਨ। ਹੱਡਾ ਰੋੜੀ ਤੋਂ ਉੱਠਦੀ ਬਦਬੂ ਨਾਲ ਵਾਤਾਵਰਣ ਹਰ ਸਮੇਂ ਦੂਸ਼ਿਤ ਰਹਿੰਦਾ ਹੈ ਤੇ ਇੱਥੋਂ ਲੰਘਣ ਵਾਲਿਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੱਡਾ ਰੋੜੀ ਦੇ ਕੁੱਤੇ ਹਾਦਸਿਆਂ ਨੂੰ ਖੁੱਲ੍ਹੇਆਮ ਸੱਦਾ ਦਿੰਦੇ ਹਨ। ਉਹਨਾਂ ਦੱਸਿਆ ਕਿ ਇਸ ਹੱਡਾ ਰੋੜੀ ਨੂੰ ਬੰਦ ਕਰਵਾਉਣ ਦੀ ਮੰਗ ਕਾਫੀ ਸਮੇਂ ਤੋਂ ਉੱਠਦੀ ਰਹੀ ਹੈ ਪਰ ਪ੍ਰਸ਼ਾਸਨ ਵਲੋਂ ਲੋਕਾਂ ਦੀ ਭੱਖਦੀ ਮੰਗ ਨੂੰ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ। ਉਹਨਾਂ ਚਿਤਾਵਨੀ ਦਿੱਤੀ ਕਿ ਜੇਕਰ ਇਸ ਵਾਰ ਵੀ ਪ੍ਰਸ਼ਾਸਨ ਨੇ ਜਲਦੀ ਹੀ ਇਸ ਹੱਡਾ ਰੋੜੀ ਨੂੰ ਬੰਦ ਨਾ ਕਰਵਾਇਆ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਪੰਚਾਇਤ ਮੈਂਬਰ ਗੁਰਦੇਵ ਸਿੰਘ, ਮਨਜੀਤ ਕੌਰ, ਤਰਸੇਮ ਸਿੰਘ ਢੱਡੇ, ਦਲਜੀਤ ਸਿੰਘ ਵਿੱਕੀ, ਪਿਆਰਾ ਸਿੰਘ, ਕਮਲਜੀਤ ਸਿੰਘ ਢੱਡਾ, ਰੂਪ ਲਾਲ ਅੰਬੇਡਕਰ ਨਗਰ, ਪਵਿੱਤਰ ਸਿੰਘ ਖੁਰਮਪੁਰ, ਮੋਹਨ ਸਿੰਘ ਲੱਖਪੁਰ, ਕੁਲਦੀਪ ਸਿੰਘ ਲਾਲੀ, ਮਲਕੀਤ ਸਿੰਘ ਖਾਟੀ, ਨਿਰਮਲ ਦਾਸ, ਪ੍ਰੇਮ ਲਾਲ, ਯੋਗੇਸ਼ ਕੁਮਾਰ, ਰਵੀ ਪ੍ਰਕਾਸ਼ ਦੁਆ ਆਦਿ ਹਾਜਰ ਸਨ।

# ਮੌਨੀ ਅਮਾਵਸਿਆ ਤੇ ਇਸ਼ਨਾਨ ਕਰਨ ਲਈ ਗੰਗਾ ਘਾਟਾਂ ਤੇ ਸ਼ਰਧਾਲੂਆਂ ਦੀ ਭੀੜ ਇਕੱਠੀ ਹੋਈ।



ਕਾਨਪੁਰ। (ਸੁਨੀਲ ਬਾਜਪਾਈ) ਅੱਜ, ਬੁੱਧਵਾਰ ਨੂੰ, ਮੌਨੀ ਅਮਾਵਸਿਆ ਤੇ ਇਸ਼ਨਾਨ ਕਰਨ ਲਈ ਸਾਰੇ ਗੰਗਾ ਘਾਟਾਂ ਤੇ ਭਾਰੀ ਭੀੜ ਇਕੱਠੀ ਹੋਈ। ਇਸ ਦੇ ਲਈ ਪ੍ਰਸ਼ਾਸਨ ਵੱਲੋਂ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਕਈ ਅਹਿਮ ਕਦਮ ਚੁੱਕੇ ਗਏ ਸਨ। ਸਾਰੇ ਘਾਟਾਂ ਤੇ ਸੁਰੱਖਿਆ ਬਲ ਵੀ ਤਾਇਨਾਤ ਕੀਤੇ ਗਏ ਸਨ, ਤਾਂ ਜੋ ਗੰਗਾ ਚ ਇਸ਼ਨਾਨ ਕਰਨ ਚ ਕੋਈ ਪਰੇਸ਼ਾਨੀ ਨਾ ਆਵੇ।

ਅੱਜ ਹਜ਼ਾਰਾਂ ਦੀ ਗਿਣਤੀ ਚ ਸ਼ਰਧਾਲੂ ਬਿਠੂਰ, ਅਟਲ, ਪਰਮਤ, ਸਰਸਈਆ, ਮਸਕਰ, ਸਿੱਧਨਾਥ, ਸ਼ੁਕਲਾਗੰਜ ਸਮੇਤ ਸ਼ਹਿਰ ਦੇ ਸਾਰੇ 14 ਘਾਟਾਂ ਤੇ ਸ਼ਰਧਾ ਨਾਲ ਇਸ਼ਨਾਨ ਕਰਨ ਲਈ ਪੁੱਜੇ । ਇਸ ਦੇ ਲਈ ਘਾਟਾਂ ਤੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਪੂਰੇ ਪ੍ਰਬੰਧ ਕੀਤੇ ਗਏ ਸਨ।

ਆਚਾਰੀਆ ਅਸ਼ਵਨੀ ਤਿਵਾਰੀ ਨੇ ਦੱਸਿਆ ਕਿ ਮਾਘ ਮਹੀਨੇ ਦੇ ਕ੍ਰਿਸ਼ਨ ਪੱਖ ਦੀ ਅਮਾਵਸਿਆ ਨੂੰ ਮੌਨੀ ਅਮਾਵਸਿਆ ਕਿਹਾ ਜਾਂਦਾ ਹੈ। ਇਸ ਅਮਾਵਸਿਆ ਨੂੰ ਲੈ ਕੇ ਸ਼ਰਧਾਲੂਆਂ ਵਿੱਚ ਭਾਰੀ ਆਸਥਾ ਹੈ।

ਜਦੋਂ ਕਿ ਸ਼ਾਸਤਰਾਂ ਅਨੁਸਾਰ ਭਗਵਾਨ ਸ਼ਿਵ ਅਤੇ ਪੂਰਵਜਾਂ ਦੇ ਨਾਲ-ਨਾਲ ਭਗਵਾਨ ਵਿਸ਼ਨੂੰ ਦੀ ਪੂਜਾ ਕੀਤੀ ਜਾਂਦੀ ਹੈ। ਅਜਿਹਾ ਮੰਨਿਆ ਜਾਂਦਾ ਹੈ ਕਿ ਗੰਗਾ ਚ ਚੁੱਪ-ਚੁਪੀਤੇ ਇਸ਼ਨਾਨ ਕਰਨ ਨਾਲ ਸੁੱਖ, ਖੁਸ਼ਹਾਲੀ ਅਤੇ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਜੇਕਰ ਕੋਈ ਵਿਅਕਤੀ ਪਿਤਰ ਦੋਸ਼ ਤੋਂ ਪੀੜਤ ਹੈ ਤਾਂ ਇਸ ਦਿਨ ਗੰਗਾ ਵਿਚ ਇਸ਼ਨਾਨ ਕਰਨ ਅਤੇ ਦਾਨ ਕਰਨ ਨਾਲ ਸੁੱਖ ਅਤੇ ਖੁਸ਼ਹਾਲੀ ਮਿਲਦੀ ਹੈ।

**ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।**

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪਿੰਡ ਬਬੇਲੀ ਵਿਖੇ ਸਜਾਇਆ ਸੱਤਵੇਂ ਪਾਤਸ਼ਾਹ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ




ਫਗਵਾੜਾ ( ਸੁਸ਼ੀਲ ਸ਼ਰਮਾ ) ਇਤਿਹਾਸਕ ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਤਹਿਸੀਲ ਫਗਵਾੜਾ ਵਿਖੇ 29 ਤੋਂ 31 ਜਨਵਰੀ ਤਕ ਸੱਤਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿ ਰਾਏ ਸਾਹਿਬ ਦੇ ਆਗਮਨ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਮਹਾਨ ਕੀਰਤਨ ਦਰਬਾਰ ਦੇ ਪਹਿਲੇ ਦਿਨ ਅੱਜ ਕਮੇਟੀ ਪ੍ਰਧਾਨ ਸ੍ਰ. ਬਲਦੇਵ ਸਿੰਘ ਦੀ ਅਗਵਾਈ ਹੇਠ ਪ੍ਰਬੰਧਕ ਕਮੇਟੀ ਵਲੋਂ ਇਲਾਕੇ ਭਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਈ। ਉਪਰੰਤ ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਬਬੇਲੀ ਨੇ ਸਰਬੱਤ ਦੇ ਭਲੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਦੇ ਨਾਲ ਵਿਸ਼ਾਲ ਨਗਰ ਕੀਰਤਨ ਦੀ ਆਰੰਭਤਾ ਕਰਵਾਈ। ਇਹ ਨਗਰ ਕੀਰਤਨ ਪਿੰਡ ਦੁੱਗਾਂ ਤੇ ਬਬੇਲੀ ਦੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਇਸ ਨਗਰ ਕੀਰਤਨ ਦਾ ਥਾਂ-ਥਾਂ ਤੇ ਸੰਗਤਾਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਵੱਖ ਵੱਖ ਪੜਾਵਾਂ 'ਤੇ ਗੋਲਡ ਮੈਡਲਿਸਟ ਢਾਡੀ ਪਰਮਜੀਤ ਸਿੰਘ ਖਾਲਸਾ ਅਤੇ ਬੰਗਿਆਂ ਵਾਲੀਆਂ ਬੀਬੀਆਂ ਦੇ ਜੱਥੇ ਨੇ ਢਾਡੀ ਵਾਰਾਂ ਰਾਹੀਂ ਗੁਰੂ ਇਤਿਹਾਸ ਸਰਵਣ ਕਰਵਾਇਆ। ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਸੁੰਦਰ ਪਾਲਕੀ ਅੱਗੇ ਨਤਮਸਤਕ ਹੁੰਦਿਆਂ ਰੁਮਾਲੇ ਭੇਂਟ ਕੀਤੇ ਅਤੇ ਪੰਜ ਪਿਆਰਿਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਦੀ ਸੇਵਾ ਵਿਚ ਵੱਖ ਵੱਖ ਪਕਵਾਨਾ ਦੇ ਲੰਗਰ ਲਗਾਏ ਗਏ ਸਨ। ਕਮੇਟੀ ਪ੍ਰਧਾਨ ਬਲਦੇਵ ਸਿੰਘ, ਮੀਤ ਪ੍ਰਧਾਨ ਰਜਿੰਦਰ ਸਿੰਘ, ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਤੋਂ ਇਲਾਵਾ ਕੁੰਦਨ ਸਿੰਘ, ਰਣਜੀਤ ਸਿੰਘ ਖਾਲਸਾ ਅਤੇ ਬੀਬੀ ਰਾਜਵਿੰਦਰ ਕੌਰ ਨੇ ਦੱਸਿਆ ਕਿ 31 ਜਨਵਰੀ ਨੂੰ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜੱਥੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਨਗੇ। ਬਾਅਦ ਦੁਪਿਹਰ ਹਲਟਟੀ ਦੌੜਾਂ ਕਰਵਾਈਆਂ ਜਾਣਗੀਆਂ। ਪ੍ਰਬੰਧਕਾਂ ਨੇ ਸਮੂਹ ਸੰਗਤ ਨੂੰ ਧਾਰਮਿਕ ਸਮਾਗਮ ਅਤੇ ਹਲਟੀ ਦੌੜ ਸ਼ੋਅ ਵਿਚ ਪਰਿਵਾਰਾਂ ਸਮੇਤ ਸ਼ਾਮਲ ਹੋਣ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਖੁੱਲ੍ਹਾ ਸੱਦਾ ਦਿੱਤਾ। ਇਸ ਮੌਕੇ ਅਮਨਦੀਪ ਸਿੰਘ, ਹਰਪਾਲ ਸਿੰਘ, ਗੁਰਨਾਮ ਸਿੰਘ, ਸੋਢੀ ਸਿੰਘ, ਜੋਗਿੰਦਰ ਸਿੰਘ, ਬੂਟਾ ਸਿੰਘ, ਸੁਖਦੇਵ ਸਿੰਘ, ਗੁਰਮੀਤ ਸਿੰਘ, ਸਾਧੂ ਸਿੰਘ, ਭਾਈ ਮੰਗਲ ਸਿੰਘ, ਜੋਧ ਸਿੰਘ, ਸੂਬੇਦਾਰ ਜਸਵਿੰਦਰ ਸਿੰਘ, ਗੁਰਜੰਟ ਸਿੰਘ, ਗੁਰਦੀਪ ਸਿੰਘ, ਮਾੜਾ ਸਿੰਘ, ਗੁਰਦਿੱਤ ਸਿੰਘ, ਬਲਜੀਤ ਪਾਲ ਸਿੰਘ, ਪ੍ਰਿਤਪਾਲ ਸਿੰਘ, ਹਰਨੇਕ ਸਿੰਘ, ਸਾਬਕਾ ਸਰਪੰਚ ਸੋਹਨ ਲਾਲ, ਸੰਤੋਖ ਸਿੰਘ, ਗੁਰਮੀਤ ਸਿੰਘ, ਸੁੱਖਾ ਸਿੰਘ, ਮਨਜੀਤ ਕੁਮਾਰ, ਤਾਰਾ ਸਿੰਘ, ਰੇਸ਼ਮ ਸਿੰਘ, ਮੁਖਤਿਆਰ ਸਿੰਘ, ਮਿੰਦਰ ਸਿੰਘ, ਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜਰ ਸਨ।

# ਕਮਲਾ ਨਹਿਰੂ ਪ੍ਰਾਇਮਰੀ ਸਕੂਲ ਹਰਗੋਬਿੰਦ ਨਗਰ ਫਗਵਾੜਾ ਵਿਖੇ ਗਿਆਰਵਾਂ ਸ਼ਬਦ ਗਾਇਨ ਮੁਕਾਬਲਾ ਕਰਵਾਇਆ ਗਿਆ



ਫ਼ਗਵਾੜਾ (ਸੁਸ਼ੀਲ ਸ਼ਰਮਾ) ਕਮਲਾ ਨਹਿਰੂ ਪ੍ਰਾਇਮਰੀ ਸਕੂਲ ਹਰਗੋਬਿੰਦ ਨਗਰ ਫਗਵਾੜਾ ਵਿਖੇ ਗਿਆਰਵਾਂ ਸ਼ਬਦ ਗਾਇਨ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਫਗਵਾੜਾ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਕਮਲਾ ਨਹਿਰੂ ਪਬਲਿਕ ਸਕੂਲ ਦੇ ਪ੍ਰਿੰਸੀਪਲ ( ਐਡਮਿਨ ਅਤੇ ਇੰਨੋਵੇਸ਼ਨ) ਸ਼੍ਰੀ ਮਤੀ ਪਰਮਜੀਤ ਕੌਰ ਢਿੱਲੋਂ ਮੁੱਖ ਮਹਿਮਾਨ ਅਤੇ ਸ਼੍ਰੀ ਇਕਬਾਲ ਸਿੰਘ ਅਤੇ ਸ਼੍ਰੀ ਲਵਪ੍ਰੀਤ ਲਵ ਬਤੌਰ ਜੱਜ ਮੁਕਾਬਲੇ ਵਿੱਚ ਹਾਜ਼ਰ ਹੋਏ। ਮੁਕਾਬਲੇ ਦੀ ਸ਼ੁਰੂਆਤ ਵਿੱਚ ਕਮਲਾ ਨਹਿਰੂ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਦੇ ਸਮੂਹ ਨੇ ਸ਼ਬਦ ਗਾਇਨ ਕਰਕੇ ਸਮੁੱਚੇ ਸਕੂਲ ਦਾ ਮਾਹੌਲ ਅਧਿਆਤਮਿਕ ਬਣਾ ਦਿੱਤਾ। ਇਸ ਮੁਕਾਬਲੇ ਵਿੱਚ ਪਹਿਲੇ ਸਥਾਨ ਤੇ ਸਾਹਿਬਜਾਦਾ ਅਜੀਤ ਸਿੰਘ ਸਕੂਲ ਦੂਜੇ ਸਥਾਨ ਤੇ ਐਸ.ਟੀ.ਐਸ ਵਰਲਡ ਸਕੂਲ ਤੀਜੇ ਸਥਾਨ 'ਤੇ ਸਵਾਮੀ ਸੰਤ ਦਾਸ ਪਬਲਿਕ ਸਕੂਲ ਰਿਹਾ ਜਿਨ੍ਹਾਂ ਦਾ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਵੱਲੋਂ ਸਨਮਾਨ ਕੀਤਾ ਗਿਆ। ਚੌਥੇ ਸਥਾਨ 'ਤੇ ਰਹਿਣ ਵਾਲੇ ਡਿਵਾਈਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੂੰ ਦਿਲਾਸਾ ਇਨਾਮ ਦਿੱਤਾ ਗਿਆ। ਪ੍ਰੋਗਰਾਮ ਦੀ ਸਮਾਪਤੀ ਕਮਲਾ ਨਹਿਰੂ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਹੋਈ। ਸਕੂਲ ਦੀ ਮੁੱਖ ਅਧਿਆਪਕਾ ਸ਼੍ਰੀਮਤੀ ਜੋਤੀ ਭਾਰਦਵਾਜ ਜੀ ਨੇ ਪ੍ਰੋਗਰਾਮ ਵਿੱਚ ਆਏ ਸਾਰੇ ਮਹਿਮਾਨਾਂ,ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸੰਵਿਧਾਨ ਦਾ ਰਾਸ਼ਟਰੀ ਗ੍ਰੰਥ ਵਜੋਂ ਸਤਿਕਾਰ ਕਰਨਾ ਹਰ ਭਾਰਤੀ ਦਾ ਮੁਢਲਾ ਫਰਜ਼ : ਅਨੀਤਾ ਸੋਬਤੀ





ਫਗਵਾੜਾ ( ਸੁਸ਼ੀਲ ਸ਼ਰਮਾ ) ਲਘੂ ਉਦਯੋਗ ਭਾਰਤੀ ਅਤੇ ਰੋਟਰੀ ਕਲੱਬ ਫਗਵਾੜਾ ਜੈਮਸ ਦੇ ਸਾਂਝੇ ਉਪਰਾਲੇ ਨਾਲ ਸ਼੍ਰੀ ਵਿਸ਼ਵਕਰਮਾ ਪਾਰਕ ਇੰਡਸਟਰੀਅਲ ਏਰੀਆ ਵਿਖੇ ਦੇਸ਼ ਦੇ 76ਵੇਂ ਗਣਤੰਤਰ ਦਿਵਸ ਨੂੰ ਸਮਰਪਿਤ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਉਦਯੋਗਪਤੀ ਆਈ.ਪੀ. ਖੁਰਾਣਾ ਦੀ ਪ੍ਰਧਾਨਗੀ ਹੇਠ ਕਰਵਾਏ ਸਮਾਗਮ ਦੌਰਾਨ ਸ੍ਰੀਮਤੀ ਅਨੀਤਾ ਸੋਬਤੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਸੁਰਭੀ ਸੇਠੀ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜਰੀ ਲਗਵਾਈ। ਕੌਮੀ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਮੁੱਖ ਮਹਿਮਾਨ ਨੇ ਸਾਰਿਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਡਾ ਸੰਵਿਧਾਨ ਹਰੇਕ ਭਾਰਤੀ ਲਈ ਇੱਕ ਰਾਸ਼ਟਰੀ ਗ੍ਰੰਥ ਦੀ ਤਰ੍ਹਾਂ ਹੈ, ਜਿਸ ਦਾ ਸਤਿਕਾਰ ਕਰਨਾ ਸਾਡਾ ਸਾਰਿਆਂ ਦਾ ਮੁਢਲਾ ਫਰਜ਼ ਹੈ। ਲਘੂ ਉਦਯੋਗ ਭਾਰਤੀ ਦੇ ਸੂਬਾ ਪ੍ਰਧਾਨ ਅਸ਼ੋਕ ਗੁਪਤਾ, ਸਨਅਤਕਾਰ ਸੁਦੇਸ਼ ਸ਼ਰਮਾ, ਐੱਸ.ਪੀ.ਸੇਠੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੱਖਾਂ ਕ੍ਰਾਂਤੀਕਾਰੀਆਂ ਦੀ ਕੁਰਬਾਨੀ ਦੀ ਕੀਮਤ 'ਤੇ ਮਿਲੀ ਆਜਾਦੀ ਤੋਂ ਬਾਅਦ 26 ਜਨਵਰੀ 1950 ਨੂੰ ਭਾਰਤ ਵਿਚ ਆਪਣਾ ਸੰਵਿਧਾਨ ਲਾਗੂ ਕੀਤਾ ਗਿਆ ਸੀ। ਜਿਸ ਦੇ ਨਾਲ ਭਾਰਤ ਇੱਕ ਪ੍ਰਭੂਸੱਤਾ ਸੰਪੰਨ ਰਾਸ਼ਟਰ ਬਣਿਆ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੇ ਮੌਲਿਕ ਅਧਿਕਾਰ ਪ੍ਰਾਪਤ ਹੋਏ। ਸਾਨੂੰ ਆਪਣੇ ਅਧਿਕਾਰਾਂ ਦੇ ਨਾਲ-ਨਾਲ ਸੰਵਿਧਾਨ ਵਿੱਚ ਦਰਜ ਨਾਗਰਿਕ ਫਰਜ਼ਾਂ ਦੀ ਵੀ ਪੂਰੀ ਤਨਦੇਹੀ ਨਾਲ ਪਾਲਣਾ ਕਰਨੀ ਚਾਹੀਦੀ ਹੈ। ਇਸ ਦੌਰਾਨ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤ ਅਤੇ ਕਵਿਤਾਵਾਂ ਪੇਸ਼ ਕਰਕੇ ਦੇਸ਼ ਭਗਤੀ ਦਾ ਜਜ਼ਬਾ ਜਗਾਇਆ। ਸਨਅਤਕਾਰ ਬੌਬੀ ਸਿੰਗਲਾ ਦੇ ਜੋਸ਼ੀਲੇ ਗੀਤ ਨੇ ਮਾਹੌਲ ਪੂਰੀ ਤਰ੍ਹਾਂ ਰਾਸ਼ਟਰ ਪ੍ਰੇਮ ਦੀ ਭਾਵਨਾ ਨਾਲ ਭਰ ਦਿੱਤਾ। ਸਟੇਜ ਸੰਚਾਲਨ ਸੁਰਿੰਦਰ ਚਾਵਲਾ ਨੇ ਬਾਖੂਬੀ ਕੀਤਾ। ਅਖੀਰ ਵਿੱਚ ਰੋਟਰੀ ਕਲੱਬ ਜੈਮਸ ਦੇ ਪ੍ਰਧਾਨ ਪਵਨ ਕੁਮਾਰ ਕਾਲੜਾ ਨੇ ਆਏ ਹੋਏ ਸਾਰੇ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ ਅਤੇ ਗੈਸਟ ਆਫ ਆਨਰ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਰੋਟਰੀ ਕਲੱਬ ਜੈਮਸ ਦੇ ਸਕੱਤਰ ਰਾਕੇਸ਼ ਸੂਦ, ਲਘੂ ਉਦਯੋਗ ਭਾਰਤੀ ਦੇ ਸਕੱਤਰ ਅਰਵਿੰਦ ਬੱਗਾ, ਸੁਬੋਧ ਸੋਬਤੀ, ਡਾ: ਤੁਸ਼ਾਰ ਅਗਰਵਾਲ, ਡਾ: ਜੀ.ਪੀ.ਸਿੰਘ, ਹਰਭਜਨ ਸਿੰਘ, ਮਹਿੰਦਰ ਸੇਠੀ, ਅਨੁਜ ਜੈਨ, ਚੰਦਰ ਮੋਹਨ ਗੁਪਤਾ, ਪੁਨੀਤ ਗੁਪਤਾ, ਰਜਿੰਦਰ ਸੌਂਧੀ, ਗੁਲਸ਼ਨ ਮਨਚੰਦਾ, ਦੀਪਕ ਕੋਹਲੀ, ਸ਼ਕਤੀ ਕੋਹਲੀ, ਕਰਨ ਸੇਠੀ, ਆਲੋਕ ਸੇਠੀ, ਕੁਨਾਲ ਸੇਠੀ, ਸ਼ਸ਼ੀ ਖੁਰਾਣਾ, ਜੋਤੀ ਸਹਿਦੇਵ, ਰੇਨੂੰ ਸੂਦ, ਤ੍ਰਿਪਤਾ ਸੇਠੀ, ਪਾਰੁਲ ਜੈਨ ਆਦਿ ਹਾਜ਼ਰ ਸਨ।

# ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਨੇ ਕਰਵਾਇਆ ਗਣਤੰਤਰ ਦਿਵਸ ਨੂੰ ਸਮਰਪਿਤ ਕਵੀ ਦਰਬਾਰ



ਫਗਵਾੜਾ ( ਸੁਸ਼ੀਲ ਸ਼ਰਮਾ ) ਉਸਾਰੂ ਸਾਹਿਤ ਅਤੇ ਸਾਫ ਸੁਥਰੇ ਸਮਾਜ ਲਈ ਕਾਰਜਸ਼ੀਲ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਵਲੋਂ ਦੇਸ਼ ਦੇ 76ਵੇਂ ਗਣਤੰਤਰ ਦਿਵਸ ਨੂੰ ਸਮਰਪਿਤ ਕਵੀ ਦਰਬਾਰ ਸਥਾਨਕ ਵਰਿੰਦਰ ਨਗਰ ਵਿਖੇ ਕਰਵਾਇਆ ਗਿਆ। ਕੇਂਦਰ ਦੇ ਸਰਪ੍ਰਸਤ ਪ੍ਰਦੀਪ ਸਿੰਘ ਬਸਰਾ ਅਤੇ ਪ੍ਰਧਾਨ ਰਵਿੰਦਰ ਸਿੰਘ ਰਾਏ ਦੀ ਦੇਖਰੇਖ ਹੇਠ ਆਯੋਜਿਤ ਕਵੀ ਦਰਬਾਰ ਦੀ ਸ਼ੁਰੂਆਤ ਪ੍ਰਧਾਨ ਰਵਿੰਦਰ ਸਿੰਘ ਰਾਏ ਵਲੋਂ ਸਮੂਹ ਹਾਜਰ ਮੈਂਬਰਾਂ ਨੂੰ ਗਣਤੰਤਰ ਦਿਵਸ ਦੀਆਂ ਸ਼ੁੱਭ ਇੱਛਾਵਾਂ ਦੇ ਨਾਲ ਮੂੰਹ ਮਿੱਠਾ ਕਰਵਾ ਕੇ ਕੀਤੀ ਗਈ। ਉਪਰੰਤ ਸਟੇਜ ਦਾ ਸੰਚਾਲਨ ਕਰਦੇ ਹੋਏ ਸਭਾ ਦੀ ਮੀਤ ਪ੍ਰਧਾਨ ਅਤੇ ਪ੍ਰਸਿੱਧ ਕਵਿੱਤਰੀ ਅਮਿੰਦਰਪ੍ਰੀਤ ਕੌਰ ਰੂਬੀ ਨੇ ਦੇਸ਼ ਪ੍ਰੇਮ ਅਤੇ ਸਮਾਜ ਸੁਧਾਰਕ ਕਵਿਤਾਵਾਂ ਪੇਸ਼ ਕਰਦਿਆਂ ਖੂਬਸੂਰਤ ਅੰਦਾਜ ਵਿਚ ਕਵੀ ਦਰਬਾਰ ਨੂੰ ਰਵਾਨਗੀ ਦਿੱਤੀ। ਇਸ ਦੌਰਾਨ ਸਭਾ ਦੀ ਪ੍ਰੈਸ ਸਕੱਤਰ ਪ੍ਰੀਤ ਕੌਰ ਪ੍ਰੀਤੀ ਤੋਂ ਇਲਾਵਾ ਹੋਰ ਕਵੀਆਂ ਨੇ ਕਵਿਤਾਵਾਂ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਦਿੰਦਿਆਂ ਖੂਬ ਰੰਗ ਬੰਨ੍ਹਿਆ। ਸਰਪ੍ਰਸਤ ਪਰਦੀਪ ਸਿੰਘ ਬਸਰਾ ਨੇ ਸੰਬੋਧਨ ਕਰਦਿਆਂ ਗਣਤੰਤਰ ਦਿਵਸ ਬਾਰੇ ਵਡਮੁੱਲੇ ਵਿਚਾਰ ਪੇਸ਼ ਕੀਤੇ ਅਤੇ ਕਿਹਾ ਕਿ ਜੋ ਸੰਵਿਧਾਨ ਸਾਡੇ ਦੇਸ਼ ਵਿਚ 26 ਜਨਵਰੀ 1950 ਨੂੰ ਲਾਗੂ ਕੀਤਾ ਗਿਆ, ਸਾਨੂੰ ਉਸਦਾ ਦਿਲੋਂ ਸਤਿਕਾਰ ਕਰਨਾ ਚਾਹੀਦਾ ਹੈ ਤਾਂ ਹੀ ਦੇਸ ਤਰੱਕੀ ਦੇ ਰਾਹ ਤੇ ਅੱਗੇ ਵੱਧ ਸਕਦਾ ਹੈ। ਉਹਨਾਂ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਵਲੋਂ ਕੀਤੇ ਜਾਂਦੇ ਸਾਹਿਤਕ ਅਤੇ ਸਮਾਜ ਸੇਵੀ ਕਾਰਜਾਂ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਗੁਰਨਾਮ ਸਿੰਘ, ਡਾਇਰੈਕਟਰ ਡਾ. ਐਸ.ਪੀ. ਮਾਨ, ਸੀਨੀਅਰ ਪ੍ਰੈਸ ਸਕੱਤਰ ਅਸ਼ੋਕ ਸ਼ਰਮਾ, ਪਰਮਿੰਦਰ ਸਿੰਘ, ਚਮਨ ਲਾਲ, ਖੁਸ਼ਪ੍ਰੀਤ ਕੌਰ ਰਾਏ ਤੋਂ ਇਲਾਵਾ ਹੋਰ ਪਤਵੰਤੇ ਹਾਜਰ ਸਨ।

# ਮਿਊਸੀਪਲ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਖਰੜ ਦੀ ਹੋਈ ਚੋਣ,ਹਰਪ੍ਰੀਤ ਸਿੰਘ ਖੱਟੜਾ ਚੇਅਰਮੈਨ ਤੇ ਗੁਰਜਿੰਦਰ ਸਿੰਘ ਬਣੇ ਸੈਕਟਰੀ , ਲੱਡੂ ਵੰਡ ਕੇ ਮਨਾਈ ਖੁਸ਼ੀ



ਖਰੜ, (ਕਾਲਾ ਸਿੰਘ ਸੈਣੀ )- ਨਗਰ ਕੌਂਸਲ ਖਰੜ ਦੀ ਮਿਊਸੀਪਲ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਅਮਿਤ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਜਾਣਕਾਰੀ ਦਿੰਦਿਆਂ ਪ੍ਰਧਾਨ ਅਮਿਤ ਕੁਮਾਰ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਸਰਬਸੰਮਤੀ ਨਾਲ ਹਰਪ੍ਰੀਤ ਸਿੰਘ ਖੱਟੜਾ ਨੂੰ ਐਸੋਸੀਏਸ਼ਨ ਦਾ ਚੇਅਰਮੈਨ ਅਤੇ ਗੁਰਜਿੰਦਰ ਮੋਹਨ ਸਿੰਘ ਨੂੰ ਸੈਕਟਰੀ ਵਜੋਂ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਹੋਰ ਅਹੁਦੇਦਾਰਾਂ ਦੀ ਚੋਣ ਵੀ ਸਰਬਸੰਮਤੀ ਨਾਲ ਕੀਤੀ ਗਈ ਹੈ। ਇਸ ਮੌਕੇ ਨਵ-ਨਿਯੁਕਤ ਚੇਅਰਮੈਨ ਹਰਪ੍ਰੀਤ ਸਿੰਘ ਖੱਟੜਾ ਤੇ ਸੈਕਟਰੀ ਗੁਰਜਿੰਦਰ ਮੋਹਨ ਸਿੰਘ ਨੇ ਕਿਹਾ ਕਿ ਉਹ ਜਥੇਬੰਦੀ ਵੱਲੋਂ ਦਿੱਤੀ ਹੋਈ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਸਰਕਾਰ ਨਾਲ ਉਨ੍ਹਾਂ ਦੀ ਗੱਲਬਾਤ ਚੱਲ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਕਿ ਆਊਟਸੋਰਸ ਤੇ ਕੰਮ ਕਰਨ ਵਾਲੇ ਕਾਮਿਆਂ ਨੂੰ ਕੰਟਰੈਕਟ ਬੇਸ ਤੇ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਖਰੜ ਟਰਾਈ ਸਿਟੀ ਏਰੀਆ ਵਿੱਚ ਪੈਂਦੀ ਹੈ ਜਿਸ ਕਾਰਨ ਖਰੜ ਦੇ ਮੁਲਾਜ਼ਮਾਂ ਨੂੰ ਵੀ ਚੰਡੀਗੜ੍ਹ ਦੀ ਤਰਜ਼ 'ਤੇ ਡੀ.ਸੀ. ਰੇਟ ਦੇਣ ਦੀ ਮੰਗ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਸ਼ਹਿਰ ਵਿੱਚ ਵਿਕਾਸ ਦੇ ਕੰਮਾਂ ਵਿੱਚ ਪੂਰਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਪ੍ਰਧਾਨ ਅਮਿਤ ਕੁਮਾਰ ਨੇ ਦੱਸਿਆ ਕਿ ਜਥੇਬੰਦੀ ਵਿਚ ਵਿਕਰਮ ਸਿੰਘ ਭੁੱਲਰ ਨੂੰ ਵਾਈਸ ਚੇਅਰਮੈਨ, ਅੰਗਰੇਜ਼ ਸਿੰਘ ਨੂੰ ਸੀਨੀਅਰ ਵਾਈਸ ਪ੍ਰਧਾਨ, ਵਿਕਰਮ ਕੁਮਾਰ ਨੂੰ ਵਾਈਸ ਪ੍ਰਧਾਨ, ਸੰਜੀਵ ਕੁਮਾਰ ਉਪ ਸੈਕਟਰੀ, ਸ਼ਾਮ ਸੁੰਦਰ ਸਲਾਹਕਾਰ, ਰਣਜੀਤ ਸਿੰਘ ਮੁੱਖ ਸਲਾਹਕਾਰ, ਮੁਕੇਸ਼ ਕੁਮਾਰ ਕੈਸ਼ੀਅਰ, ਸਾਗਰ ਸਿੰਘ ਉਪ ਕੈਸ਼ੀਅਰ, ਸੁਖਵਿੰਦਰ ਸਿੰਘ ਕਨਵੀਨਰ, ਪਵਨ ਕੁਮਾਰ ਉਪ ਕਨਵੀਨਰ, ਕੁਸ਼ ਕੁਮਾਰ ਪ੍ਰੈਸ ਸਕੱਤਰ, ਗੁਰਜੀਤ ਸਿੰਘ ਉਪ ਪ੍ਰੈਸ ਸਕੱਤਰ, ਸੋਨੀ ਪ੍ਰਪੋਕੰਡਾ ਸੈਕਟਰੀ, ਸੰਜੇ ਸ਼ਰਮਾ ਐਡੀਟਰ, ਮਨੀ ਐਡਵਾਈਜ਼ਰ, ਦਵਿੰਦਰ ਸਿੰਘ ਲੀਗਲ ਐਡਵਾਈਜ਼ਰ, ਸ਼ਿਵਾ ਉੱਪ ਐਡਵਾਈਜ਼ਰ, ਰਾਧੇ ਸ਼ਾਮ ਜੁਆਇੰਟ ਸੈਕਟਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੈਂਬਰ ਵੀ ਐਸੋਸੀਏਸ਼ਨ ਦੀ ਟੀਮ ਵਿੱਚ ਚੁਣੇ ਗਏ ਹਨ।

# ਦਿੱਲੀ ਵਿਧਾਨ ਸਭਾ ਚੋਣਾ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਹੋਵੇਗੀ- ਚੰਨੀ ਤੇ ਟਿੰਕੂ



ਖਰੜ ( ਕਾਲਾ ਸਿੰਘ ਸੈਣੀ )- ਦਿੱਲੀ ਵਿਧਾਨ ਸਭਾ ਚੋਣਾ ਵਿੱਚ ਡਾਕਟਰ ਅੰਬੇਡਕਰ ਨਗਰ ਤੋ ਕਾਂਗਰਸ ਪਾਰਟੀ ਦੇ ਉਮੀਦਵਾਰ ਜੈ ਪ੍ਰਕਾਸ਼ ਦੇ ਹੱਕ ਵਿੱਚ ਚੋਣ ਪ੍ਰਚਾਰ ਦੌਰਾਨ ਕਾਂਗਰਸ ਦੇ ਸੀਨੀਅਰ ਲੀਡਰਸ਼ਿਪ ਸਾਬਕਾ ਮੁੱਖ ਮੰਤਰੀ ਅਤੇ ਮੌਜੂਦਾ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਅਤੇ ਹਲਕਾ ਇੰਚਾਰਜ ਕਾਂਗਰਸ ਖਰੜ ਵਿਜੇ ਸ਼ਰਮਾ ਟਿੰਕੂ ਨੇ ਚੋਣ ਰੈਲੀਆ ਦੌਰਾਨ ਸੰਬੋਧਨ ਕਰਦਿਆ ਹੋਇਆ ਕਿਹਾ ਕਿ ਕੇਜਰੀਵਾਲ ਦੀ ਮੌਜੂਦਾ ਸਰਕਾਰ ਦਿੱਲੀ ਵਿੱਚ ਅਤੇ ਪੰਜਾਬ ਵਿਚ ਦੋਵੇਂ ਰਾਜਾ ਵਿੱਚ ਲੁੱਟ ਖਸੁੱਟ ਦਾ ਬੋਲਬਾਲਾ ਹੈ,ਇਸ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਭ੍ਰਿਸ਼ਟਾਚਾਰ ਹੱਦਾ ਪਾਰ ਕਰ ਗਿਆ ਹੈ ਕੋਈ ਵਿਕਾਸ ਕਾਰਜ ਨਹੀ ਹੋ ਸਕਿਆ,ਕਾਨੂੰਨ ਵਿਵਸ਼ਥਾ ਬਹੁਤ ਵਿਗੜ ਚੁੱਕੀ,ਮਹਿੰਗਾਈ ਤਿੰਨ ਗੁਣਾ ਵਧ ਗਈ ਹੈ ਅਸੀ ਦਿੱਲੀ ਵਾਸੀਆ ਨੂੰ ਅਪੀਲ ਕਰਦੇ ਹਾ ਕਿ ਇਸ ਕੇਜਰੀਵਾਲ ਨੂੰ ਦਿੱਲੀ ਤੋ ਲਾਂਭੇ ਕਰਨ ਲਈ ਬਹੁਤ ਉਤਾਵਲੇ ਹਨ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਅਤੇ ਹਲਕਾ ਇੰਚਾਰਜ ਖਰੜ ਟਿੰਕੂ ਨੇ ਦਿੱਲੀ ਵਾਸੀਆ ਦੇ ਘਰ ਘਰ ਜਾ ਕੇ ਕਾਂਗਰਸੀ ਉਮੀਦਵਾਰ ਜੈ ਪ੍ਰਕਾਸ਼ ਦੇ ਹੱਕ ਵਿੱਚ ਵੋਟਾ ਮੰਗੀਆ ਅਤੇ ਉਪਰੋਕਤ ਆਗੂਆ ਨੂੰ ਵੋਟਰਾ ਨੇ ਕਾਂਗਰਸ ਦੇ ਹੱਕ ਵਿੱਚ ਵੋਟ ਪਾਉਣ ਦਾ ਭਰੋਸਾ ਦਿਵਾਇਆ ਇਸ ਮੌਕੇ ਡਾਕਟਰ ਮਨੋਹਰ ਸਿੰਘ ਸਾਬਕਾ ਸਿਵਲ ਸਰਜਨ,ਦਰਸ਼ਨ ਸਿੰਘ ਸੰਧੂ ਪ੍ਰਧਾਨ ਕਾਂਗਰਸ ਬਲਾਕ ਮੋਰਿਡਾ ਆਦਿ ਹਾਜ਼ਰ ਸਨ

# ਯੂ.ਐਸ.ਏ. ਦੇ ਐਨ.ਆਰ.ਆਈ. ਦੇਸੀ ਟੀ.ਵੀ.ਦੇ ਪ੍ਰੋਗਰਾਮ ਵਿੱਚ ਸ਼ਾਇਰ ਸੂਦ ਵਿਰਕ ਦੀ ਪੈਂਤੀ ਅੱਖਰੀ ਨੂੰ ਕਰਾਂ ਸਿਜਦਾ ਰਚਨਾ ਨੂੰ ਮਿਲਿਆ ਭਰਵਾਂ ਹੁੰਗਾਰਾ




ਫ਼ਗਵਾੜਾ (ਸੁਸ਼ੀਲ ਸ਼ਰਮਾ) ਯੂ.ਐਸ.ਏ. ਦੇ ਐਨ.ਆਰ.ਆਈ. ਦੇਸੀ ਟੀ.ਵੀ. ਵੱਲੋਂ ਬੀਤੇ ਦਿਨੀਂ ਕਰਵਾਏ ਗਏ ਸ਼ਾਇਰਾਂ ਦੀ ਮਹਿਫ਼ਲ ਲਾਈਵ ਪ੍ਰੋਗਰਾਮ ਵਿੱਚ ਸ਼ਾਇਰ ਮਹਿੰਦਰ ਸੂਦ ਵਿਰਕ ਨੂੰ ਪ੍ਰੋਗਰਾਮ ਦੇ ਸੰਚਾਲਕ ਸੁੱਖਵਿੰਦਰ ਸਿੰਘ ਬੋਦਲਾਂਵਾਲਾ ਵੱਲੋਂ ਇੱਕ ਚੰਗੇ ਵਜੋਂ ਸ਼ਾਇਰ ਸਰੋਤਿਆਂ ਦੇ ਰੂ-ਬ-ਰੂ ਕੀਤਾ ਗਿਆ।ਇਸ ਤੋਂ ਬਾਅਦ ਸੂਦ ਵਿਰਕ ਦੀ ਮੌਲਿਕ ਰਚਨਾ ਪੈਂਤੀ ਅੱਖਰੀ ਨੂੰ ਕਰਾਂ ਸਿਜਦਾ ਨੂੰ ਉਹਨਾਂ ਦੀ ਜ਼ੁਬਾਨੀ ਪ੍ਰੋਗਰਾਮ ਵਿੱਚ ਸ਼ਾਮਿਲ ਕਰਕੇ ਬਹੁਤ ਹੀ ਪਿਆਰ ਅਤੇ ਸਤਿਕਾਰ ਨਾਲ ਸਰੋਤਿਆਂ ਦੇ ਸਨਮੁੱਖ ਪੇਸ਼ ਕੀਤਾ। ਸੰਚਾਲਕ ਸੁੱਖਵਿੰਦਰ ਸਿੰਘ ਬੋਦਲਾਂਵਾਲਾ ਜੀ ਨੇ ਸੂਦ ਵਿਰਕ ਦੀ ਰਚਨਾ ਸੁਣਕੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ! ਵਾਹ ਜੀ ਵਾਹ ਸੂਦ ਵਿਰਕ ਜੀ ਕੀਮਤੀ ਰਚਨਾ ਅਤੇ ਕ ਕਰਜ਼ਾ ਮੁਕਤ ਪੰਜਾਬ ਹੈ ਮੰਗਦਾ ਬਹੁਤ ਹੀ ਕੀਮਤੀ ਅਲਫ਼ਾਜ਼ ਲਿਖੇ ਨੇ ਤੁਸੀਂ।

ਇਸ ਤੋਂ ਬਾਅਦ ਪ੍ਰੋਗਰਾਮ ਦੇ ਸਹਿ ਸੰਚਾਲਕ ਮਲਕੀਤ ਸੈਣੀ ਲੁਧਿਆਣਵੀ ਜੀ ਨੇ ਸੂਦ ਵਿਰਕ ਦੀ ਰਚਨਾ ਬਾਰੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਪੈਂਤੀ ਅੱਖਰੀ ਨੂੰ ਕਰਾਂ ਸਿਜਦਾ ਦੀ ਇੱਕ ਇੱਕ ਸਤਰ ਬਹੁਤ ਹੀ ਕੀਮਤੀ,ਗਿਆਨ ਵਰਧਕ ਅਤੇ ਨਸੀਹਤ ਦੇਣ ਵਾਲੀ ਹੈ। ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਲਈ ਸੂਦ ਵਿਰਕ ਜੀ ਨੇ ਖ਼ੂਬ ਮਿਹਨਤ ਕਰਕੇ ਇਸ ਰਚਨਾ ਨੂੰ ਗਿਆਨ ਭਰਪੂਰ ਲਿਖਿਆ ਹੈ।

ਸ਼ਾਇਰ ਮਹਿੰਦਰ ਸੂਦ ਵਿਰਕ ਨੇ ਯੂ.ਐਸ.ਏ.ਸ਼ਾਇਰਾਂ ਦੀ ਮਹਿਫ਼ਲ ਦੀ ਸਮੁੱਚੀ ਟੀਮ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ। ਕਲਮ ਨੂੰ ਇੰਨਾ ਜਿਆਦਾ ਪਿਆਰ ਅਤੇ ਸਤਿਕਾਰ ਤੇ ਮਾਣ ਬਖਸ਼ਣ ਲਈ ਸੂਦ ਵਿਰਕ ਨੇ ਸੁੱਖਵਿੰਦਰ ਸਿੰਘ ਬੋਦਲਾਂਵਾਲਾ ਜੀ ਅਤੇ ਮਲਕੀਤ ਸੈਣੀ ਲੁਧਿਆਣਵੀ ਜੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਕਾਮਨਾ ਕਰਦੇ ਹਨ ਪ੍ਰੋਗਰਾਮ ਸਾਹਿਤਧਾਰਾ ਯੂ.ਐਸ.ਏ.ਇਸੇ ਤਰ੍ਹਾਂ ਹੀ ਹੋਰ ਨਵੇਂ ਅਤੇ ਚੰਗੇ ਕਲਮਕਾਰਾਂ ਨੂੰ ਸ਼ਾਮਿਲ ਕਰਕੇ ਉਹਨਾਂ ਦੀ ਹੌਂਸਲਾ ਅਫ਼ਜਾਈ ਕਰਦਾ ਰਹੇਗਾ ਅਤੇ ਇਸੇ ਤਰ੍ਹਾਂ ਪੰਜਾਬੀ ਮਾਂ ਬੋਲੀ ਦੀ ਸੇਵਾ ਸਦਾ ਕਰਦਾ ਰਹੇ।

# ਸਕੇਪ ਸਾਹਿਤਕ ਸੰਸਥਾ ਵੱਲੋਂ ਕਰਵਾਇਆ ਗਿਆ ਮਹੀਨਾਵਾਰ ਕਵੀ ਦਰਬਾਰ



ਫਗਵਾੜਾ (ਸੁਸ਼ੀਲ ਸ਼ਰਮਾ) ਸਕੇਪ ਸਾਹਿਤਕ ਸੰਸਥਾ (ਰਜਿ:) ਵੱਲੋਂ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਮਹੀਨਾਵਾਰ ਕਵੀ ਦਰਬਾਰ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਅੰਤਰਰਾਸ਼ਟਰੀ ਪੱਤਰਕਾਰ ਨਰਪਾਲ ਸਿੰਘ ਸ਼ੇਰਗਿੱਲ,ਸੱਤ ਸਮੁੰਦਰੋਂ ਪਾਰ ਮੈਗਜ਼ੀਨ ਦੇ ਸੰਪਾਦਕ ਇੰਦਰਜੀਤ ਸਿੰਘ ਅਤੇ ਉੱਘੇ ਸਮਾਜ ਸੇਵਕ ਐਡਵੋਕੇਟ ਐੱਸ.ਐੱਲ.ਵਿਰਦੀ,ਪ੍ਰਿੰ.ਗੁਰਮੀਤ ਸਿੰਘ ਪਲਾਹੀ ਨੇ ਸ਼ਿਰਕਤ ਕੀਤੀ।

ਪ੍ਰੋਗਰਾਮ ਦੀ ਸ਼ੁਰੂਆਤ ਕੀਮਤੀ ਕੈਸਰ, ਲਾਲੀ ਕਰਤਾਰਪੁਰੀ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਗੀਤ ਸੁਣਾ ਕੇ ਕੀਤੀ। ਇਸ ਮੌਕੇ ਬਲਦੇਵ ਰਾਜ ਕੋਮਲ,ਮਹਿੰਦਰ ਸੂਦ ਵਿਰਕ,ਮਨੋਜ ਫਗਵਾੜਵੀ,ਬਲਵੀਰ ਕੌਰ ਬੱਬੂ ਸੈਣੀ,ਨਿਆਣਾ ਹਰਜਿੰਦਰ,ਸੁਖਦੇਵ ਸਿੰਘ ਗੰਡਵਾਂ,ਸੋਢੀ ਸੱਤੋਵਾਲੀ, ਸੋਹਣ ਸਹਿਜਲ, ਕੈਪਟਨ ਦਵਿੰਦਰ ਸਿੰਘ ਜੱਸਲ,ਨਗੀਨਾ ਸਿੰਘ ਬਲੱਗਣ,ਉਰਮਲਜੀਤ ਸਿੰਘ ਵਾਲੀਆ,ਮੈਡਮ ਸਿਮਰਤ ਕੌਰ,ਸਾਹਿਬ ਜੀਟਨ ਕੌਰ,ਜਰਨੈਲ ਸਿੰਘ ਸਾਖੀ ਨੇ ਨਜ਼ਮਾਂ, ਗ਼ਜ਼ਲਾਂ ਅਤੇ ਗੀਤਾਂ ਰਾਹੀਂ ਆਪਣੀ ਸ਼ਾਨਦਾਰ ਹਾਜ਼ਰੀ ਲਗਵਾਈ।

ਐਡਵੋਕੇਟ ਐੱਸ.ਐੱਲ.ਵਿਰਦੀ ਨੇ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਖ਼ੁਸ਼ੀ ਜ਼ਾਹਰ ਕੀਤੀ ਕਿ ਸਕੇਪ ਸਾਹਿਤਕ ਸੰਸਥਾ ਨਾਲ ਜੁੜੇ ਸਾਰੇ ਸਾਹਿਤਕਾਰ ਯਥਾਰਥਕ ਅਤੇ ਧਰਾਤਲ ਨਾਲ ਜੁੜੇ ਹੋਏ ਹਨ ਅਤੇ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸਰੋਕਾਰਾਂ ਨੂੰ ਆਪਣੀਆਂ ਰਚਨਾਵਾਂ ਦਾ ਵਿਸ਼ਾ ਬਣਾਉਂਦੇ ਹਨ। ਸਕੇਪ ਸਾਹਿਤਕ ਸੰਸਥਾ ਦੇ ਸਾਬਕਾ ਪ੍ਰਧਾਨ ਰਵਿੰਦਰ ਚੋਟ ਨੇ ਆਏ ਹੋਏ ਸਾਹਿਤਕਾਰਾਂ ਅਤ ਸਰੋਤਿਆਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਕ ਦੀ ਭੂਮਿਕਾ ਕਮਲੇਸ਼ ਸੰਧੂ ਨੇ ਨਿਭਾਈ।

ਇਸ ਮੌਕੇ ਅਸ਼ੋਕ ਸ਼ਰਮਾ,ਗੁਰਮੀਤ ਸਿੰਘ ਨੈਸ਼ਨਲ ਐਵਾਰਡੀ,ਮਨਦੀਪ ਸਿੰਘ,ਗੁਰਨੂਰ ਕੌਰ,ਅਰਸ਼ਜੋਤ ਕੌਰ,ਅਨਮੋਲ, ਬਬੀਤਾ ਆਦਿ ਹਾਜ਼ਰ ਸਨ।

# ਗੁਰੂ ਨਾਨਕ ਕਾਲਜ,ਸੁਖਚੈਨਆਣਾ ਸਾਹਿਬ,ਫਗਵਾੜਾ: ਐਨ.ਸੀ.ਸੀ ਕੈਡਿਟਾਂ ਦਾ ਮੈਰਾਥਨ ਵਿੱਚ ਸ਼ਾਨਦਾਰ ਪ੍ਰਦਰਸ਼ਨ



ਫ਼ਗਵਾੜਾ (ਸੁਸ਼ੀਲ ਸ਼ਰਮਾ) ਗੁਰੂ ਨਾਨਕ ਕਾਲਜ, ਸੁਖਚੈਨਆਣਾ ਸਾਹਿਬ, ਫਗਵਾੜਾ ਦੇ ਐਨ.ਸੀ.ਸੀ ਕੈਡਿਟਾਂ ਨੇ ਜ਼ਿਲ੍ਹਾ ਪੁਲਿਸ ਕਪੂਰਥਲਾ ਦੁਆਰਾ ਮਿਤੀ 27 ਜਨਵਰੀ 2025 ਨੂੰ ਆਯੋਜਿਤ 5 ਕਿਲੋਮੀਟਰ ਮੈਰਾਥਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਉਦੇਸ਼ ਨਸ਼ਿਆਂ ਨੂੰ ਨਾ ਕਹੋ ਥੀਮ ਦੇ ਤਹਿਤ ਨੌਜਵਾਨਾਂ ਵਿੱਚ ਜਾਗਰੂਕਤਾ ਫੈਲਾਉਣਾ ਸੀ।

ਇਸ ਵਿੱਚ ਕੁੱਲ 10 ਐਨ.ਸੀ.ਸੀ ਕੈਡਿਟਾਂ ਨੇ ਮੈਰਾਥਨ ਵਿੱਚ ਹਿੱਸਾ ਲਿਆ, ਇਸ ਮੈਰਾਥਨ ਵਿੱਚ ਲੜਕੀਆਂ ਵਿੱਚ ਕ੍ਰਮਵਾਰ ਸ਼ੋਭਾ ਕੁਮਾਰੀ ਨੇ ਪਹਿਲਾ,ਸਿਮਰਨਜੀਤ ਕੌਰ ਦੂਜਾ ਅਤੇ ਮਮਤਾ ਨੇ ਤੀਸਰਾ ਸਥਾਨ ਅਤੇ ਲੜਕਿਆਂ ਵਿੱਚ ਪੰਜਵਾਂ ਸਥਾਨ ਪ੍ਰਿਆਂਸ਼ੂ ਕੁਮਾਰ ਸਿੰਘ ਨੇ ਪ੍ਰਾਪਤ ਕੀਤਾ ਅਤੇ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਰਟੀਫਿਕੇਟ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ।

ਇਸ ਮਾਣਮੱਤੇ ਮੌਕੇ ਤੇ, ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਤਿੰਦਰਪਾਲ ਸਿੰਘ ਪਲਾਹੀ ਅਤੇ ਗੁਰੂ ਨਾਨਕ ਕਾਲਜ ਦੇ ਪ੍ਰਿੰਸੀਪਲ ਡਾ.ਗੁਰਦੇਵ ਸਿੰਘ ਨੇ ਜੇਤੂਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਸਾਰੇ ਭਾਗ ਲੈਣ ਵਾਲੇ ਕੈਡਿਟਾਂ ਨੂੰ ਇੱਕ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਸ਼ੈਲੀ ਨੂੰ ਅਪਨਾਉਣ ਲਈ ਉਤਸ਼ਾਹਿਤ ਕੀਤਾ ਅਤੇ ਯੂਨਿਟ ਇੰਚਾਰਜ ਲੈਫ਼ਟੀਨੈਂਟ ਆਸ਼ੂਤੋਸ਼ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਥਿੰਕ ਗੈਸ ਨੇ ਪੰਜਾਬ ਦੇ ਸਕੂਲਾਂ ਨਾਲ ਭਾਈਵਾਲੀ ਕੀਤੀ

ਲੁਧਿਆਣਾ ( ਲੋਕ ਬਾਣੀ)- ਥਿੰਕ ਗੈਸ ਲੁਧਿਆਣਾ ਅਤੇ ਜਲੰਧਰ ਵਿੱਚ ਆਪਣੇ ਬਾਜ਼ਾਰਾਂ ਵਿੱਚ ਸੀਐਨਜੀ ਅਤੇ ਪੀਐਨਜੀ ਦੇ ਉਪਯੋਗ ਨੂੰ ਵਧਾਵਣ ਲਈ ਲਗਾਤਾਰ ਯਤਨ ਕਰ ਰਿਹਾ ਹੈ। ਹੁਣ, ਕੰਪਨੀ ਨੇ ਮੁੱਲਾਂਪੁਰ ਸਥਿਤ ਗੋਲਡਨ ਅਰਥ ਕਾਨਵੈਂਟ ਸਕੂਲ ਨਾਲ ਭਾਈਵਾਲੀ ਕੀਤੀ ਹੈ, ਜਿਸਨਾਲ ਇਸਦੇ ਡੀਜ਼ਲ ਬੱਸ ਬੇੜੇ ਨੂੰ ਵਾਤਾਵਰਣ-ਅਨੁਕੂਲ ਸੀਐਨਜੀ ਵਿੱਚ ਬਦਲਿਆ ਜਾ ਸਕੇ। ਇਹ ਪਹਲ ਇੱਕ ਸਾਫ-ਸੁਥਰੇ ਭਵਿੱਖ ਵੱਲ ਇੱਕ ਮਹੱਤਵਪੂਰਨ ਕਦਮ ਹੈ।




ਬੱਚਿਆਂ ਨੂੰ ਭਵਿੱਖ ਦੀ ਪੀੜ੍ਹੀ ਮੰਨਦਿਆਂ, ਗੋਲਡਨ ਅਰਥ ਕਾਨਵੈਂਟ ਸਕੂਲ ਦੇ ਚੇਅਰਮੈਨ ਬਲਦੇਵ ਅਰੋੜਾ ਨੇ ਯਕੀਨੀ ਬਣਾਇਆ ਕਿ ਉਨ੍ਹਾਂ ਦਾ ਸਕੂਲ ਖੇਤਰ ਵਿੱਚ ਹੋਰ ਸਕੂਲਾਂ ਲਈ ਇੱਕ ਉਦਾਹਰਣ ਬਣੇ ਅਤੇ ਸਾਫ-ਸੁਥਰੀ, ਹਰੀ-ਭਰੀ ਕੁਦਰਤੀ ਗੈਸ ਨੂੰ ਅਪਣਾਏ। ਉਨ੍ਹਾਂ ਹੋਰ ਸਕੂਲਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਸ ਬੇੜੇ ਨੂੰ ਸੀਐਨਜੀ ਵਿੱਚ ਬਦਲਣ 'ਤੇ ਵਿਚਾਰ ਕਰਨ, ਕਿਉਂਕਿ ਇਹ ਜ਼ਿਆਦਾ ਆਰਥਿਕ ਹੈ ਅਤੇ ਪ੍ਰਦੂਸ਼ਣ ਘਟਾਉਣ ਵਿੱਚ ਮਦਦ ਕਰਦਾ ਹੈ। ਇਸ ਨਾਲ ਨਾ ਸਿਰਫ਼ ਖਰਚੇ ਵਿੱਚ ਬਚਤ ਹੋਵੇਗੀ, ਸਗੋਂ ਬੱਚਿਆਂ ਲਈ ਇੱਕ ਸਾਫ਼-ਸੁਥਰਾ ਅਤੇ ਹਰਿਆਵਲ ਵਾਤਾਵਰਣ ਵੀ ਯਕੀਨੀ ਬਣਾਇਆ ਜਾ ਸਕੇਗਾ।

ਇਸ ਪਹਲ ਨਾਲ ਵਾਹਨਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਮਦਦ ਮਿਲੇਗੀ, ਜਿਸ ਨਾਲ ਵਿਦਿਆਰਥੀਆਂ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ ਅਤੇ ਟਿਕਾਊ ਵਿਕਾਸ ਨੂੰ ਵਧਾਊ ਮਿਲੇਗਾ। ਥਿੰਕ ਗੈਸ ਲੁਧਿਆਣਾ ਸ਼੍ਰੀ ਰਾਮ ਸਕੂਲ ਨਾਲ ਵੀ ਉਨ੍ਹਾਂ ਦੀਆਂ ਬੱਸਾਂ ਵਿੱਚ ਸੀਐਨਜੀ ਅਪਣਾਉਣ ਨੂੰ ਲੈ ਕੇ ਚਰਚਾ ਕਰ ਰਿਹਾ ਹੈ।

ਸਾਫ਼-ਸੁਥਰੇ ਪੰਜਾਬ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ, ਸਾਰੇ ਹਿੱਸੇਦਾਰਾਂ ਦਾ ਇਕੱਠਾ ਯਤਨ ਜ਼ਰੂਰੀ ਹੈ। ਉਦਯੋਗ, ਸਰਕਾਰੀ ਅਧਿਕਾਰੀ ਅਤੇ ਵਾਤਾਵਰਣਕ ਸੰਸਥਾਵਾਂ ਦੇ ਮਿਲੀ-ਝੁਲੀ ਕੋਸ਼ਿਸ਼ ਨਾਲ ਆਰਥਿਕ ਵਿਕਾਸ ਅਤੇ ਵਾਤਾਵਰਣਕ ਸਥਿਰਤਾ ਵਿਚਕਾਰ ਸੰਤੁਲਨ ਬਣਾਇਆ ਜਾ ਸਕਦਾ ਹੈ।

# ਅੱਜ 11 ਤੋਂ 4 ਬਿਜਲੀ ਸਪਲਾਈ ਬੰਦ ਰਹੇਗੀ



ਗੁਰਦਾਸਪੁਰ- ਨਵਨੀਤ ਕੁਮਾਰ- ਉਪ ਮੰਡਲ ਅਫਸਰ ਇੰਜੀਨੀਅਰ ਭੁਪਿੰਦਰ ਸਿੰਘ ਕਲੇਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ਼ਹਿਰੀ ਸਬ ਡਿਵੀਜ਼ਨ ਗੁਰਦਾਸਪੁਰ ਦੇ 11 ਕੇ. ਵੀ ਤ੍ਰਿਮੋ ਰੋਡ ਫੀਡਰ ਅਤੇ 11 ਕੇ.ਵੀ ਤਿਬੜੀ ਰੋਡ ਫੀਡਰ ਦੀ ਬਿਜਲੀ ਸਪਲਾਈ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਅਸ਼ੋਕ ਚੱਕਰ ਦੀ ਯਾਦਗਾਰੀ ਗੇਟ ਦੀ ਜਰੂਰੀ ਮੁਰੰਮਤ ਕਾਰਨ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਪ੍ਰਭਾਵਿਤ ਰਹੇਗੀ। ਇਸ ਫੀਡਰ ਦੇ ਬੰਦ ਹੋਣ ਕਾਰਨ ਇਸ ਫੀਡਰ ਤੋਂ ਚਲਦੇ ਏਰੀਆ ਸਰਕਾਰੀ ਕਾਲਜ, ਦੋਰਾਂਗਲਾ ਰੋਡ, ਬਾਜਵਾ ਕਲੋਨੀ, ਸੰਤ ਨਗਰ, ਰਜਿੰਦਰਾ ਗਾਰਡਨ, ਜੇਲ ਰੋਡ ਤੇ ਡਾਕਖਾਨੇ ਦੀ ਬੈਕ ਸਾਈਡ ਕ੍ਰਿਸ਼ਨਾ ਨਗਰ ਅਤੇ ਗੋਪਾਲ ਨਗਰ , ਬਾਠਵਾਲੀ ਗਲੀ ਦੀ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ

# ਨਹਿਰੂ ਯੁਵਾ ਕੇਂਦਰ ਮਾਨਸਾ ਅਤੇ ਬਾਬਾ ਨਾਥ ਸਪੋਰਟਸ ਐਂਡ ਵੈਲਫੇਅਰ ਕਲੱਬ ਕੁਲੈਹਰੀ ਵੱਲੋਂ ਜਿਲਾ ਪੱਧਰੀ ਸਪੋਰਟਸ ਟੂਰਨਾਮੈਂਟ ਦਾ ਆਯੋਜਨ

ਮਾਨਸਾ ( ਲੋਕ ਬਾਣੀ) ਨਹਿਰੂ ਯੁਵਾ ਕੇਂਦਰ ਮਾਨਸਾ ਅਤੇ ਬਾਬਾ ਨਾਥ ਸਪੋਰਟਸ ਐਂਡ ਵੈਲਫੇਅਰ ਕਲੱਬ ਕੁਲੈਹਰੀ ਵੱਲੋਂ ਜਿਲਾ ਪੱਧਰੀ ਸਪੋਰਟਸ ਟੂਰਨਾਮੈਂਟ ਦਾ ਆਯੋਜਨ ਭਾਈ ਬਹਿਲੋ ਪਬਲਿਕ ਸਕੂਲ ਫਫੜੇ ਭਾਈਕੇ (ਮਾਨਸਾ) ਵਿਖੇ ਕੀਤਾ ਗਿਆ।
ਇਸ ਮੌਕੇ ਨਹਿਰੂ ਯੁਵਾ ਕੇਂਦਰ ਮਾਨਸਾ ਦੇ ਜ਼ਿਲ੍ਹਾ ਯੂਥ ਅਫਸਰ ਸ. ਸਰਬਜੀਤ ਸਿੰਘ ਪਹੁੰਚੇ ਤੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਪ੍ਰੋਗਰਾਮ ਬਾਰੇ ਜਾਣਕਾਰੀ ਦਸਿਆ ਕਿ ਇਸ ਜਿਲਾ ਪੱਧਰੀ ਸਪੋਰਟਸ ਟੂਰਨਾਮੈਂਟ ਵਿਚ ਨੌਜਵਾਨਾਂ ਦੀ ਪ੍ਰਤਿਭਾ ਨੂੰ ਉਭਾਰਨ ਲਈ ਭਾਰਤ ਸਰਕਾਰ ਵੱਲੋਂ 6 ਸਪੋਰਟਸ ਮੁਕਾਬਲੇ ਕਰਵਾਏ ਜਾਂਦੇ ਹਨ,ਜਿਨ੍ਹਾਂ ਵਿਚ ਫੁੱਟਵਾਲ , ਬੈਗਮਿੰਟਨ, ਰੱਸਾ ਕੱਸੀ, ਲੰਬੀ ਛਾਲ, ਦੌੜਾ 400 ਮੀਟਰ (ਲੜਕੀਆਂ), ਦੌੜਾ 1600 ਮੀਟਰ (ਲੜਕੇ) ਮੁਕਾਬਲੇ ਸ਼ਾਮਿਲ ਹਨ।ਉਹਨਾ ਨੇ ਇਹ ਵੀ ਦੱਸ਼ਿਆਂ ਕਿ ਬਲਾਕ ਪੱਧਰ ਵਿੱਚ ਟੀਮਾ ਨੇ ਪਹਿਲੇ 3 ਸ਼ਥਾਨ ਪ੍ਰਾਪਤ ਕਰਨ ਵਾਲੀਆਂ ਟੀਮਾ ਜਿਲੇ ਪੱਧਰ ਵਿੱਚ ਮੁਕਾਬਲੇ ਲਈ ਆਇਆ ਹਨ ਓਹਨਾ ਨੇ ਇਹ ਵੀ ਦਸਿਆ ਕਿ ਇਹਨਾਂ ਮੁਕਾਬਲਿਆਂ ਵਿਚ ਮਾਨਸਾ ਜਿਲੇ ਦੇ ਵੱਖ ਵੱਖ ਪਿੰਡਾਂ ਤੋਂ 15-29 ਸਾਲਾਂ ਦੇ ਨੌਜਵਾਨਾਂ ਨੇ ਭਾਗ ਲਿਆ।
ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਚੇਅਰਮੈਂਨ ਸ. ਚਰਨਜੀਤ ਸਿੰਘ ਅਕਾਂਵਾਲੀ ਜ਼ਿਲ੍ਹਾ ਯੋਜਨਾ ਬੋਰਡ ਨੇ ਪ੍ਰੋਗਰਾਮ ਦਾ ਉਦਘਾਟਨ ਕੀਤਾ ਉਹਨਾ ਨੇ ਕਿਹਾ ਕਿ ਨੌਜਵਾਨਾਂ ਦੇ ਹੁਨਰ ਨੂੰ ਪਹਿਚਾਣ ਦੇਣ ਲਈ ਨਹਿਰੂ ਯੁਵਾ ਕੇਂਦਰ ਦਾ ਇਹ ਪ੍ਰੋਗਰਾਮ ਸ਼ਲਾਘਾਯੋਗ ਹੈ।ਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਬੱਚਿਆਂ ਦੇ ਮਾਪਿਆਂ ਨੂੰ ਖੁਦ ਅੱਗੇ ਆਉਣਾ ਚਾਹੀਦਾ ਹੈ ਤਾਂ ਕਿ ਬੱਚਿਆਂ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਇਸ ਭੈੜੀ ਬਿਮਾਰੀ ਤੋਂ ਬਚਾਇਆ ਜਾ ਸਕੇ ।ਇਹਨਾਂ ਪ੍ਰੋਗਰਾਮਾਂ ਸਦਕਾ ਨੌਜਵਾਨਾਂ ਨੂੰ ਨਸਿਆ ਤੋ ਦੂਰ ਰਹਿਣ ਲਈ ਖੇਡਾ ਨਾਲ ਜੁੜਨ ਦੀ ਵੀ ਅਪੀਲ ਕੀਤੀ ਤੇ ਕਿਹਾ ਕਿ ਨਹਿਰੂ ਯੁਵਾ ਕੇਂਦਰ ਮਾਨਸਾ ਵਲੋਂ ਸਮੇਂ ਸਮੇਂ ਤੇ ਯੂਥ ਲਈ ਵਡਮੁੱਲੇ ਉਪਰਾਲੇ ਕੀਤੇ ਜਾਂਦੇ ਹਨ।ਜਿਲਾ ਪੱਧਰੀ ਸਪੋਰਟਸ ਟੂਰਨਾਮੈਂਟ ਨੌਜਵਾਨਾਂ ਅੰਦਰ ਹੁਨਰ ਵਿਕਸਿਤ ਕਰਨ ਅਤੇ ਉਹਨਾਂ ਦੀ ਪ੍ਰਤੀਭਾ ਨਿਖਾਰਨ ਲਈ ਇੱਕ ਵੱਡਾ ਪਲੇਟਫਾਰਮ ਹੈ



ਇਸ ਦੌਰਾਨ ਬਾਬਾ ਨਾਥ ਸਪੋਰਟਸ ਐਂਡ ਵੈਲਫੇਅਰ ਕਲੱਬ
ਪਿੰਡ ਕੁਲੈਹਰੀ ਦੇ ਕਲੱਬ ਪ੍ਰਧਾਨ ਨਿਰਭੈ ਸਿੰਘ ਨੇ ਵੀ ਨਸ਼ਿਆਂ ਦੇ ਦੂਰ ਪ੍ਰਭਾਵਾਂ ਬਾਰੇ ਆਪਣੇ ਵਿਚਾਰ ਰੱਖੇ ਅਤੇ ਪਿੰਡ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਕਿਹਾ।
ਸਕੂਲ ਪ੍ਰਿੰਸੀਪਲ ਜਸਵਿੰਦਰ ਸਿੰਘ ਬਰ੍ਹੇ ਜੀ ਨੇ ਦੱਸਿਆ ਕਿ ਫੁੱਟਬਾਲ ਮੁਕਾਬਲਿਆਂ ਵਿੱਚ ਕਲੱਬ ਅਤਲਾ ਕਲਾਂ ਦੀ ਟੀਮ ਨੇ ਪਹਿਲਾ ,ਭਾਈ ਬਹਿਲੋ ਪਬਲਿਕ ਸਕੂਲ ਫਫੜੇ ਦੀ ਟੀਮ ਨੇ ਦੂਸਰਾ ਅਤੇ ਬਲਾਕ ਝੁਨੀਰ ਪਿੰਡ ਕੋਟਧਰਮੂ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।ਰੱਸਾਕਸ਼ੀ ਮੁਕਾਬਲਿਆਂ ਵਿੱਚ ਭਾਈ ਬਹਿਲੋ ਪਬਲਿਕ ਸਕੂਲ ਦੀਆਂ ਵਿਦਿਆਰਥਣਾ ਨੇ ਪਹਿਲਾ ਸਥਾਨ, ਭੀਖੀ ਬਲਾਕ ਦੀਆਂ ਵਿਦਿਆਰਥਣਾਂ ਨੇ ਦੂਸਰਾ ਅਤੇ ਕੋਟ ਧਰਮੂ ਦੀਆਂ ਵਿਦਿਆਰਥਣਾਂ ਨੇ ਤੀਸਰਾ ਸਥਾਨ ਹਾਸਲ ਕੀਤਾ।ਬੈਡਮਿੰਟਨ ਟੂਰਨਾਮੈਂਟ ਵਿੱਚ ਜਸਨਪ੍ਰੀਤ ਕੌਰ ਪਹਿਲਾ ਸਥਾਨ, ਜਸਪ੍ਰੀਤ ਕੌਰ ਨੇ ਦੂਸਰਾ ਸਥਾਨ ਅਤੇ ਰਮਨਪ੍ਰੀਤ ਕੌਰ ਭਾਈ ਬਹਿਲੋ ਪਬਲਿਕ ਸਕੂਲ ਨੇ ਤੀਸਰਾ ਸਥਾਨ ਹਾਸਲ ਕੀਤਾ ।1600 ਮੀ: ਦੌੜ ਮੁਕਾਬਲਿਆਂ ਵਿੱਚ ਸਾਹਿਲਪ੍ਰੀਤ ਸਿੰਘ ਸਮਾਉ ਨੇ ਪਹਿਲਾ,ਅਰਸ਼ਦੀਪ ਸਿੰਘ ਕੋਟ ਧਰਮੂ ਅਤੇ ਹਰਵਿੰਦਰ ਸਿੰਘ ਕੋਟ ਧਰਮੂ ਨੇ ਤੀਸਰਾ ਸਥਾਨ ਹਾਸਲ ਕੀਤਾ , ਲੜਕੀਆਂ 400 ਮੀ: ਦੌੜ ਮੁਕਾਬਲਿਆਂ ਵਿੱਚ ਮਹਿਕਪ੍ਰੀਤ ਕੌਰ ਨੇ ਪਹਿਲਾ , ਹਰਮੰਦਰਪਾਲ ਕੌਰ ਭਾਈ ਬਹਿਲੋ ਪਬਲਿਕ ਸਕੂਲ ਫਫੜੇ ਭਾਈ ਕੇ ਨੇ ਦੂਸਰਾ ਅਤੇ ਜਸਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ।ਲੰਬੀ ਛਾਲ ਮੁਕਾਬਲਿਆਂ ਵਿੱਚ ਭੁਪਿੰਦਰ ਸਿੰਘ ਨੇ ਪਹਿਲਾ , ਜੀਵਨ ਸਿੰਘ ਨੇ ਦੂਸਰਾ ਅਤੇ ਮਨਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ
ਇਸ ਮੌਕੇ ਤੇ ਮੁੱਖ ਮਹਿਮਾਨ ਨੇ ਜੇਤੂ ਨੌਜਵਾਨਾਂ ਨੂੰ ਇਨਾਮ ਅਤੇ ਸਰਟੀਫਿਕੇਟ ਤਕਸੀਮ ਕਰਦੇ ਹੋਏ ਵਧਾਈ ਦਿੱਤੀ
ਇਸ ਤੋ ਇਲਾਵਾ ਵਿਸ਼ੇਸ਼ ਤੌਰ ਤੇ ਪਹੁੰਚੇ,ਏ.ਐੱਸ. ਆਈ ਭੁਪਿੰਦਰ ਸਿੰਘ ਸਬ-ਡਵੀਜ਼ਨ ਸਾਂਝ ਕੇਂਦਰ ਮਾਨਸਾ, ਮਨੋਜ਼ ਕੁਮਾਰ ਸਟੇਟ ਅਵਾਰਡੀ ਅਤੇ ਕਰਮਜੀਤ ਸਿੰਘ ਬੁਰਜ ਰਾਠੀ ,ਹੈੱਡ ਕਾਂਸਟੇਬਲ ਜਗਤਾਰ ਸਿੰਘ, ਸਰਪੰਚ ਸੁਖਵੀਰ ਸਿੰਘ ਸਿੱਧੂ ਅਤੇ ਪੰਚਾਇਤ ਮੈਂਬਰ, ਹਰਦੇਵ ਸਿੰਘ ਬਾਦਲ ਪ੍ਰਧਾਨ ਲੋਕਲ ਗੁਰਦੁਆਰਾ ਸਾਹਿਬ ਭਾਈ ਬਹਿਲੋ ਜੀ , ਗੁਰਮੇਲ ਸਿੰਘ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ, ਗ੍ਰਾਮ ਪੰਚਾਇਤ ਪੰਚ ਗੁਰਪ੍ਰੀਤ ਸਿੰਘ ਕੁਲੈਹਰੀ, ਆਦਿ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਲਈ ਕੀਤੀ । ਸਪੋਰਟਸ ਕਨਵੀਨਰ ਸਕੂਲ ਅਧਿਆਪਕਾਂ ਕਿਰਨਦੀਪ ਕੌਰ ਨੇ ਬੜੇ ਸੁਚੱਜੇ ਢੰਗ ਨਾਲ ਟੂਰਨਾਮੈਂਟ ਨੂੰ ਸੰਪੂਰਨਤਾ ਦਿੱਤੀ ਸਟੇਜ਼ ਸਕੱਤਰ ਦੀ ਭੂਮਿਕਾ ਗੁਰਪ੍ਰੀਤ ਸਿੰਘ ਧਾਰਮਿਕ ਅਧਿਆਪਕ ਨੇ ਨਿਭਾਈ ।
ਸਕੂਲ ਪ੍ਰਿੰਸੀਪਲ ਨੇ ਆਏ ਮਹਿਮਾਨਾਂ ਅਤੇ ਪਤਵੰਤਿਆਂ ਦਾ ਧੰਨਵਾਦ ਕੀਤਾ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੈਂਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565